Title code : CHAMUL00914 | E-mail : Info@paigamejagat.com | ਸ਼ੁੱਕਰਵਾਰ, 27 ਨਵੰਬਰ 2026, ਸਾਲ-4, ਅੰਕ-17, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

PAIGAM-E-JAGAT

# ਪੈ.ਗਾਮ-ਏ-ਜਗਤ



ਮੋਗਾ ਰੈਲੀ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਦੇ ਵਿਰੋਧੀਆਂ ਉੱਤੇ ਤਿੱਖੇ ਨਿਸ਼ਾਨੇ

# ਬੋਲੇ-ਮੇਰਾ ਗੱਠਜੋੜ ਪੰਜਾਬ ਦੇ ਲੋਕਾਂ ਨਾਲ

## ਪੰਜਾਬ ਦੇ ਪਾਣੀਆਂ, ਚੰਡੀਗੜ੍ਹ ਤੇ ਪੰਜਾਬ ਯੂਨੀਵਰਸਿਟੀ ਦੇ ਮੁੱਦਿਆਂ 'ਤੇ ਭਾਜਪਾ ਨੂੰ ਘੇਰਿਆ




### ਇਕ-ਦੂਜੇ ਨੂੰ ਭੰਡਣ ਵਾਲੇ ਅੱਜ ਮੁੜ ਹੋਏ ਇਕੱਠੇ : ਭਗਵੰਤ ਮਾਨ

**ਅਕਾਲੀ-ਭਾਜਪਾ** ਗੱਠਜੋੜ 'ਤੇ ਮੁੱਖ ਮੰਤਰੀ ਭਗਵੰਤ ਮਾਨ ਨੇ ਤਨਜ਼ ਕੱਸਦਿਆਂ ਕਿਹਾ ਕਿ ਇਕ-ਦੂਜੇ ਨੂੰ ਭੰਡਣ ਵਾਲੇ ਅੱਜ ਇਕੱਠੇ ਹੋ ਗਏ ਹਨ। ਇਨ੍ਹਾਂ ਦੀਆਂ ਸਰਕਾਰਾਂ ਦੌਰਾਨ ਪੰਜਾਬ ਵਿੱਚ ਨਸ਼ੇ ਅਤੇ ਗੈਂਗਸਟਰ ਪੈਦਾ ਹੋਏ। ਇਨ੍ਹਾਂ ਲੋਕਾਂ ਨੇ ਪੰਜਾਬ ਦੇ ਲੋਕਾਂ ਨੂੰ ਆਪਸ ਵਿੱਚ ਲੜਾਇਆ। ਉਨ੍ਹਾਂ ਕਿਹਾ ਕਿ ਅਕਾਲੀ-ਭਾਜਪਾ ਗੱਠਜੋੜ ਤੋਂ ਬਾਅਦ 8 ਦਸੰਬਰ ਨੂੰ ਹੋਣ ਵਾਲੀ ਰੈਲੀ ਵਿੱਚ ਇਹ ਲੋਕ ਇਕੱਠੇ ਦਿਖਾਈ ਦੇਣਗੇ। ਰਵਨੀਤ ਬਿੱਟੂ 'ਤੇ ਤਨਜ਼ ਕੱਸਦਿਆਂ ਭਗਵੰਤ ਮਾਨ ਨੇ ਕਿਹਾ ਕਿ ਅਕਾਲੀਆਂ ਨਾਲ ਸਮਝੌਤਾ ਕਰਨ ਨੂੰ ਚਿੱਟਾ ਵੇਚਣ ਦੇ ਬਰਾਬਰ ਦੱਸਣ ਵਾਲੇ ਰਵਨੀਤ ਬਿੱਟੂ ਨੇ ਹੁਣ ਖ਼ੁਦ ਸਮਝੌਤਾ ਕਰ ਲਿਆ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਸੁਖਬੀਰ ਬਾਦਲ ਕਹਿੰਦੇ ਸਨ ਕਿ ਕੇਂਦਰ ਸਰਕਾਰ ਵੱਲੋਂ ਲਿਆਂਦੇ ਗਏ ਬਿੱਲ ਵਧੀਆ ਹਨ ਪਰ ਜਦੋਂ ਕਿਸਾਨ ਅੰਦੋਲਨ ਸਿਖਰਾਂ 'ਤੇ ਪਹੁੰਚ ਗਿਆ ਤਾਂ ਉਹੀ ਸੁਖਬੀਰ ਬਾਦਲ ਬਿੱਲਾਂ ਦਾ ਵਿਰੋਧ ਕਰਨ ਲੱਗ ਪਏ। ਉਨ੍ਹਾਂ ਕਿਹਾ ਕਿ ਸੁਖਬੀਰ ਬਾਦਲ ਨੇ ਇਸੇ ਕਰਕੇ ਭਾਜਪਾ ਨਾਲ ਸਮਝੌਤਾ ਕੀਤਾ ਹੈ ਕਿ ਉਹ ਬਿੱਲਾਂ ਦਾ ਵਿਰੋਧ ਨਹੀਂ ਕਰਨਗੇ।



ਮੋਗਾ, 26 ਨਵੰਬਰ (ਪੈ.ਗਾਮ-ਏ-ਜਗਤ)

ਆਮ ਆਦਮੀ ਪਾਰਟੀ ਦੇ ਸਥਾਪਨਾ ਦਿਵਸ ਮੌਕੇ ਇੱਥੇ ਹੋਈ ਰੈਲੀ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਦੇ ਮੁੜ ਨੇੜੇ ਆਉਣ 'ਤੇ ਤਿੱਖੇ ਸਿਆਸੀ ਹਮਲੇ ਕੀਤੇ। ਉਨ੍ਹਾਂ ਨੇ ਅਕਾਲੀ ਦਲ ਅਤੇ ਭਾਜਪਾ ਦੇ ਪੁਰਾਣੇ ਸਿਆਸੀ ਬਿਆਨਾਂ ਅਤੇ ਮੌਜੂਦਾ ਗੱਠਜੋੜ 'ਤੇ ਸਵਾਲ ਚੁੱਕੇ।

ਇਸ ਮੌਕੇ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਪਿਛਲੇ 25 ਸਾਲਾਂ ਤੋਂ ਅਕਾਲੀ ਦਲ ਅਤੇ ਕਾਂਗਰਸ ਨੇ ਇੱਕ-ਦੂਜੇ ਨੂੰ ਸਿਆਸੀ ਵਿਰੋਧੀ ਦੱਸ ਕੇ ਲੋਕਾਂ ਤੋਂ ਵੋਟਾਂ ਹਾਸਲ ਕੀਤੀਆਂ, ਪਰ ਹੁਣ ਸਿਆਸੀ ਹਿੱਤਾਂ ਲਈ ਇਕੱਠੇ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਅਜਿਹੀ ਸਿਆਸਤ ਤੋਂ ਸੁਚੇਤ ਰਹਿਣ ਦੀ ਲੋੜ ਹੈ। ਉਨ੍ਹਾਂ ਨੇ ਅਕਾਲੀ ਦਲ ਵੱਲੋਂ ਕਿਸਾਨ ਅੰਦੋਲਨ ਦੌਰਾਨ ਭਾਜਪਾ ਖ਼ਿਲਾਫ਼ ਲਏ ਗਏ ਸਟੈਂਡ ਦਾ ਜ਼ਿਕਰ ਕਰਦਿਆਂ ਕਿਹਾ ਕਿ ਜਦੋਂ ਕਿਸਾਨ ਦਿੱਲੀ ਦੀਆਂ ਸਰਹੱਦਾਂ 'ਤੇ ਸੰਘਰਸ਼ ਕਰ ਰਹੇ ਸਨ, ਉਸ ਸਮੇਂ ਕਈ ਕਿਸਾਨਾਂ ਨੇ ਆਪਣੀਆਂ ਜਾਨਾਂ ਗਵਾਈਆਂ। ਉਨ੍ਹਾਂ ਸਵਾਲ ਕੀਤਾ ਕਿ ਕਿਸਾਨ ਵਿਰੋਧੀ ਕਹੇ ਜਾਣ ਵਾਲੇ ਕਾਨੂੰਨਾਂ ਅਤੇ ਭਾਜਪਾ ਨਾਲ ਸਿਆਸੀ ਸਮਝੌਤੇ ਬਾਰੇ ਅਕਾਲੀ ਦਲ ਹੁਣ ਆਪਣਾ ਪੱਖ ਸਪੱਸ਼ਟ ਕਰੇ।

ਭਗਵੰਤ ਮਾਨ ਨੇ ਭਾਜਪਾ 'ਤੇ ਪੰਜਾਬ ਦੇ ਪਾਣੀਆਂ, ਚੰਡੀਗੜ੍ਹ ਅਤੇ ਪੰਜਾਬ ਯੂਨੀਵਰਸਿਟੀ ਨਾਲ ਜੁੜੇ ਮੁੱਦਿਆਂ ਨੂੰ ਲੈ ਕੇ ਵੀ ਨਿਸ਼ਾਨਾ ਸੇਧਿਆ। ਉਨ੍ਹਾਂ ਕਿਹਾ ਕਿ ਪੰਜਾਬ ਦੇ ਅਹਿਮ ਮਸਲਿਆਂ ਦਾ ਹੱਲ ਕਰਵਾਉਣ ਦੀ ਬਜਾਏ ਸਿਆਸੀ ਪਾਰਟੀਆਂ ਕੁਰਸੀ ਦੀ ਲੜਾਈ ਵਿੱਚ ਲੱਗੀਆਂ ਹੋਈਆਂ ਹਨ। ਮੁੱਖ ਮੰਤਰੀ ਨੇ ਕਾਂਗਰਸ ਦੀ ਪਿਛਲੀ ਸਰਕਾਰ ਅਤੇ ਸੂਬੇ ਦੇ ਕਾਂਗਰਸੀ ਆਗੂਆਂ 'ਤੇ ਵੀ ਨਿਸ਼ਾਨੇ ਸੇਧੇ। ਉਨ੍ਹਾਂ ਕਿਹਾ ਕਿ ਵਿਰੋਧੀ ਪਾਰਟੀਆਂ ਕੋਲ ਪੰਜਾਬ ਦੇ ਵਿਕਾਸ ਲਈ ਕੋਈ ਠੋਸ ਏਜੰਡਾ ਨਹੀਂ ਹੈ ਅਤੇ ਉਹ ਸਿਰਫ਼ ਸਿਆਸੀ ਸਰਗਰਮੀਆਂ ਰਾਹੀਂ ਲੋਕਾਂ ਦਾ ਧਿਆਨ ਖਿੱਚਣ ਦੀ ਕੋਸ਼ਿਸ਼ ਕਰ ਰਹੀਆਂ ਹਨ।

ਇਸ ਮੌਕੇ ਭਗਵੰਤ ਮਾਨ ਨੇ ਆਪਣੀ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਦਾਅਵਾ ਕੀਤਾ ਕਿ ਪੰਜਾਬ ਵਿੱਚ 77 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਉਨ੍ਹਾਂ ਮੁਤਾਬਕ ਸੂਬੇ ਦੇ ਲਗਪਗ 90 ਫ਼ੀਸਦੀ ਘਰੇਲੂ ਬਿਜਲੀ ਖਪਤਕਾਰਾਂ ਦੇ ਬਿੱਲ ਜ਼ੀਰੋ ਆ ਰਹੇ ਹਨ। ਇਸ ਤੋਂ ਇਲਾਵਾ ਉਨ੍ਹਾਂ ਨੇ 10 ਲੱਖ ਰੁਪਏ ਤੱਕ ਦੇ ਸਿਹਤ ਬੀਮਾ ਕਾਰਡਾਂ ਅਤੇ ਮੁੱਖ ਮੰਤਰੀ

(ਬਾਕੀ ਸਫ਼ਾ 2 'ਤੇ)



## ਮੁੱਖ ਮੰਤਰੀ ਮਾਨ ਵੱਲੋਂ 'ਸਮਾਰਟ ਰਾਸ਼ਨ ਕਾਰਡ ਸਕੀਮ' ਦੀ ਸ਼ੁਰੂਆਤ

- **'ਨਾ ਨਕਦੀ, ਨਾ ਸਿਫ਼ਾਰਿਸ਼'-ਡਿਜੀਟਲ ਅਤੇ ਪਾਰਦਰਸ਼ੀ ਪ੍ਰਕਿਰਿਆ ਰਾਹੀਂ ਸਿਰਫ਼ ਹੱਕਦਾਰ ਪਰਿਵਾਰਾਂ ਦੀ ਚੋਣ ਯਕੀਨੀ ਬਣਾਈ ਗਈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ**

*ਮੋਗਾ, (ਪੈ.ਗਾਮ-ਏ-ਜਗਤ)*

*ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਨੂੰ 'ਸਮਾਰਟ ਰਾਸ਼ਨ ਕਾਰਡ ਸਕੀਮ' ਦੀ ਸ਼ੁਰੂਆਤ ਕੀਤੀ, ਜਿਸ ਨਾਲ 10 ਲੱਖ ਲਾਭਪਾਤਰੀਆਂ ਨੂੰ ਖੁਰਾਕ ਸੁਰੱਖਿਆ ਦੇ ਲਾਭ ਮਿਲਣਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਇਹ ਯਕੀਨੀ ਬਣਾਇਆ ਹੈ ਕਿ 'ਨਾ ਨਕਦੀ, ਨਾ ਸਿਫ਼ਾਰਿਸ਼' ਦੇ ਸਿਧਾਂਤ ਤਹਿਤ, ਇੱਕ ਪਾਰਦਰਸ਼ੀ, ਡਿਜੀਟਲ ਅਤੇ ਨਿਰਪੱਖ ਚੋਣ ਪ੍ਰਕਿਰਿਆ ਰਾਹੀਂ ਸਿਰਫ਼ ਅਸਲ ਲੋੜਵੰਦ ਪਰਿਵਾਰਾਂ ਨੂੰ ਹੀ ਉਨ੍ਹਾਂ ਦਾ ਬਣਦਾ ਹੱਕ ਮਿਲੇ। ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਨਾਲ ਮਿਲ ਕੇ, ਮੁੱਖ ਮੰਤਰੀ ਨੇ ਮੰਚ ਤੋਂ ਲਾਭਪਾਤਰੀਆਂ ਨੂੰ 'ਮੇਰੀ ਰਸੋਈ' ਕਿੱਟਾਂ ਵੰਡੀਆਂ। ਇਨ੍ਹਾਂ ਕਿੱਟਾਂ ਵਿੱਚ ਦਾਲਾਂ, ਖੰਡ, ਨਮਕ, ਹਲਦੀ ਅਤੇ ਸਰ੍ਹੋਂ ਦਾ ਤੇਲ ਸ਼ਾਮਲ ਸੀ। ਇਸ ਦੇ ਨਾਲ ਹੀ ਉਨ੍ਹਾਂ ਭਰੋਸਾ ਦਿਵਾਇਆ ਕਿ ਈ-ਕੇ.ਵਾਈ.ਸੀ. ਪੂਰੀ ਹੋਣ ਤੋਂ ਬਾਅਦ, ਹਰੇਕ ਮੈਂਬਰ ਨੂੰ ਪ੍ਰਤੀ ਮਹੀਨਾ 5 ਕਿਲੋਗ੍ਰਾਮ ਕਣਕ ਮੁਫ਼ਤ ਦਿੱਤੀ ਜਾਵੇਗੀ।*

*ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸਾਡੀ ਸਰਕਾਰ ਨੇ ਸਭ ਤੋਂ ਵੱਧ ਹੱਕਦਾਰ ਅਤੇ ਲੋੜਵੰਦ ਪਰਿਵਾਰਾਂ ਨੂੰ 10 ਲੱਖ ਨਵੇਂ ਰਾਸ਼ਨ ਕਾਰਡ ਜਾਰੀ ਕਰਨ ਲਈ ਇੱਕ*

(ਬਾਕੀ ਸਫ਼ਾ 2 'ਤੇ)

### ਪਿਛਲੀਆਂ ਸਰਕਾਰਾਂ ਨੇ ਖਾਲ੍ਹੀ ਕਰ ਦਿੱਤਾ ਸੀ ਖਜ਼ਾਨਾ ਤਾਂ ਮਾਵਾਂ-ਧੀਆਂ ਸਤਿਕਾਰ ਸਕੀਮ 'ਚ ਹੋਈ ਦੇਰੀ : ਕੇਜਰੀਵਾਲ

*ਚੰਡੀਗੜ੍ਹ, (ਪੈ.ਗਾਮ-ਏ-ਜਗਤ)*

*ਕੇਜਰੀਵਾਲ ਨੇ ਕਿਹਾ ਕਿ 'ਮਾਵਾਂ-ਧੀਆਂ' ਯੋਜਨਾ ਤਹਿਤ ਮਿਲ ਰਹੀ ਵਿੱਤੀ ਸਹਾਇਤਾ ਨਾਲ ਪਰਿਵਾਰਾਂ ਨੂੰ ਘਰੇਲੂ ਖ਼ਰਚੇ ਚਲਾਉਣ ਅਤੇ ਧੀਆਂ ਦੀ ਪੜ੍ਹਾਈ ਜਾਰੀ ਰੱਖਣ ਵਿੱਚ ਮਦਦ ਮਿਲ ਰਹੀ ਹੈ। ਇਸ ਮੌਕੇ ਗਲਕਾ ਧਰਮਕੋਟ ਦੇ ਪਿੰਡ ਪੰਡੋਰੀ ਦੀ ਵਿਦਿਆਰਥਣ ਨਵਜੋਤ ਕੌਰ ਅਤੇ ਇੱਕ ਬਜ਼ੁਰਗ ਔਰਤ ਨੇ ਦੱਸਿਆ ਕਿ ਇਸ ਰਕਮ ਨਾਲ ਉਨ੍ਹਾਂ ਨੂੰ ਪੜ੍ਹਾਈ, ਕਿਤਾਬਾਂ ਅਤੇ ਕੱਪੜਿਆਂ ਦੇ ਖ਼ਰਚੇ ਪੂਰੇ ਕਰਨ ਵਿੱਚ ਵੱਡੀ ਸਹਾਇਤਾ ਮਿਲੀ ਹੈ। 'ਮਾਵਾਂ-ਧੀਆਂ' ਸਕੀਮ ਵਿੱਚ ਦੇਰੀ ਨੂੰ ਲੈ ਕੇ ਕੇਜਰੀਵਾਲ ਨੇ ਸਰਕਾਰ ਦੇ ਖ਼ਜ਼ਾਨੇ ਖ਼ਾਲੀ ਹੋਣ ਦੀ ਗੱਲ ਆਖੀ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਖ਼ਜ਼ਾਨਾ ਖ਼ਾਲੀ ਕਰ ਦਿੱਤਾ ਸੀ ਅਤੇ ਆਪਣੇ ਪਰਿਵਾਰਾਂ 'ਤੇ ਖ਼ਰਚ ਕੀਤਾ ਸੀ, ਜਿਸ ਕਾਰਨ ਇਸ ਸਕੀਮ ਨੂੰ ਲਿਆਉਣ ਵਿੱਚ ਦੇਰੀ ਹੋਈ। ਪਰ ਹੁਣ ਹਰ ਮਹੀਨੇ ਪੰਜਾਬ ਦੀਆਂ ਮਹਿਲਾਵਾਂ ਦੇ ਖਾਤਿਆਂ ਵਿੱਚ ਪੈਸੇ ਆ ਰਹੇ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਹਰ ਮਹੀਨੇ ਮਹਿਲਾਵਾਂ ਦੇ ਖਾਤਿਆਂ ਵਿੱਚ 1-1 ਹਜ਼ਾਰ ਰੁਪਏ ਆਉਂਦੇ ਹਨ, ਜੋ ਤਿੰਨ ਮਹੀਨਿਆਂ ਬਾਅਦ ਇਕੱਠੇ ਦਿੱਤੇ ਜਾਂਦੇ ਹਨ।*


*ਸੰਵਿਧਾਨ ਦਿਵਸ ਮਨਾਉਣ ਦਾ ਜ਼ਿਕਰ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਸੰਵਿਧਾਨ ਦੇ ਪਹਿਲੇ ਪੰਨੇ 'ਤੇ ਲਿਖਿਆ ਹੈ ਕਿ ਇਹ ਦੇਸ਼ ਦੇ ਲੋਕਾਂ ਵੱਲੋਂ, ਦੇਸ਼ ਦੇ ਲੋਕਾਂ ਦਾ ਅਤੇ ਲੋਕਾਂ ਲਈ ਸੰਵਿਧਾਨ ਹੈ। ਵਿਰੋਧੀ ਪਾਰਟੀਆਂ 'ਤੇ ਤਨਜ਼ ਕੱਸਦਿਆਂ ਉਨ੍ਹਾਂ ਕਿਹਾ ਕਿ ਇਨ੍ਹਾਂ ਪਾਰਟੀਆਂ ਨੇ ਦੇਸ਼ ਦੇ ਲੋਕਾਂ ਨਾਲ ਬਹੁਤ ਵੱਡਾ ਧੋਖਾ ਕੀਤਾ ਹੈ।*



*ਉਨ੍ਹਾਂ ਜਿੱਥੇ ਮੋਗਾ ਦੇ ਲੋਕਾਂ ਦਾ ਆਮ ਆਦਮੀ ਪਾਰਟੀ ਨੂੰ ਸਮਰਥਨ ਦੇਣ ਲਈ ਧੰਨਵਾਦ ਕੀਤਾ, ਉੱਥੇ ਹੀ ਭਾਜਪਾ 'ਤੇ ਨਿਸ਼ਾਨੇ ਵੀ ਸੇਧੇ। ਅਮਨ ਅਰੋੜਾ ਨੇ ਕਿਹਾ ਕਿ ਭਾਜਪਾ ਨੇ ਵੀ ਮੋਗਾ ਦੀ ਧਰਤੀ ਤੋਂ ਹੀ ਆਪਣੀ ਸ਼ੁਰੂਆਤ ਕੀਤੀ ਸੀ ਅਤੇ ਇਨ੍ਹਾਂ ਦਿਨਾਂ ਵਿੱਚ ਹੀ ਕੀਤੀ ਸੀ। ਉਨ੍ਹਾਂ ਕੈਪਟਨ ਅਮਰਿੰਦਰ ਸਿੰਘ ਵੇਲੇ ਦੀ ਸਰਕਾਰ ਦੀ ਵੀ ਗੱਲ ਕੀਤੀ ਅਤੇ ਦੋਸ਼ ਲਾਏ ਕਿ ਜੋ ਗੁਟਕਾ ਸਾਹਿਬ ਦੀ ਸਹੁੰ ਖਾ ਕੇ ਲੋਕਾਂ ਨਾਲ ਵਾਅਦੇ ਕੀਤੇ ਗਏ ਸਨ, ਉਹ ਨਿਭਾਏ ਨਹੀਂ ਗਏ। ਮੋਗਾ ਦੇ ਵਰਕਮਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ ਕਿ ਇੱਥੋਂ ਦੇ*

(ਬਾਕੀ ਸਫ਼ਾ 2 'ਤੇ)

## ਰੋਹਤਕ ਵਿੱਚ ਗੈਂਗਵਾਰ ਕਾਰਨ ਚਾਰ ਨੌਜਵਾਨਾਂ ਦੀ ਗੋਲੀ ਮਾਰ ਕੇ ਹੱਤਿਆ




- **ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਹਮਲਾਵਰ ਮੌਕੇ ਤੋਂ ਫ਼ਰਾਰ**

ਰੋਹਤਕ, 26 ਨਵੰਬਰ (ਪੈ.ਗਾਮ-ਏ-ਜਗਤ)

ਮੰਗਲਵਾਰ ਅਤੇ ਬੁੱਧਵਾਰ ਦੀ ਦਰਮਿਆਨੀ ਰਾਤ ਨੂੰ ਪਿੰਡ ਖਰਾਵੜ ਨੇੜੇ ਇੱਕ ਢਾਬੇ 'ਤੇ ਸ਼ੱਕੀ ਗੈਂਗ ਨਾਲ ਸਬੰਧਤ ਹਮਲੇ ਵਿੱਚ ਚਾਰ ਨੌਜਵਾਨਾਂ ਦੀ ਕਥਿਤ ਤੌਰ 'ਤੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਹੈ। ਮੁੱਢਲੀਆਂ ਰਿਪੋਰਟਾਂ ਅਨੁਸਾਰ, ਪੰਜ ਹਥਿਆਰਬੰਦ ਹਮਲਾਵਰ ਇੱਕ ਸਵਿਫਟ ਕਾਰ ਵਿੱਚ ਢਾਬੇ 'ਤੇ ਆਏ ਅਤੇ ਖਾਣਾ ਖਾ ਰਹੇ ਨੌਜਵਾਨਾਂ ਦੇ ਇੱਕ ਸਮੂਹ 'ਤੇ ਅੰਨ੍ਹੇਵਾਹ ਗੋਲੀਬਾਰੀ ਕਰ ਦਿੱਤੀ।

ਅਚਾਨਕ ਹੋਈ ਗੋਲੀਬਾਰੀ ਕਾਰਨ ਗਾਹਕਾਂ ਵਿੱਚ ਦਹਿਸ਼ਤ ਫੈਲ ਗਈ। ਲੋਕਾਂ ਨੇ ਆਪਣੀ ਜਾਨ ਬਚਾਉਣ ਲਈ ਮੇਜ਼ਾਂ ਅਤੇ ਕੁਰਸੀਆਂ ਪਿੱਛੇ ਲੁਕ ਕੇ ਆਸਰਾ ਲਿਆ। ਕਥਿਤ ਤੌਰ 'ਤੇ ਤਿੰਨ ਨੌਜਵਾਨਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦੋਂ ਉਹ ਆਪਣੇ ਖਾਣੇ ਵਾਲੇ ਮੇਜ਼ 'ਤੇ ਬੈਠੇ ਸਨ। ਚੌਥਾ ਨੌਜਵਾਨ ਸ਼ੁਰੂ ਵਿੱਚ ਭੱਜਣ ਵਿੱਚ ਕਾਮਯਾਬ ਹੋ ਗਿਆ, ਪਰ ਹਮਲਾਵਰਾਂ ਨੇ ਕਥਿਤ ਤੌਰ 'ਤੇ ਉਸ ਦਾ ਪਿੱਛਾ ਕੀਤਾ ਅਤੇ ਉਸ ਨੂੰ ਗੋਲੀ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ। ਰੋਹਤਕ ਰੇਂਜ ਦੇ ਇੰਸਪੈਕਟਰ ਜਨਰਲ ਆਫ਼ ਪੁਲੀਸ ਹਾਮਿਦ ਅਖ਼ਤਰ ਅਤੇ ਐੱਸ.ਪੀ. ਗੌਰਵ ਰਾਜਪੁਰੋਹਿਤ ਤੇ ਹੋਰ ਸੀਨੀਅਰ ਜ਼ਿਲ੍ਹਾ ਪੁਲੀਸ ਅਧਿਕਾਰੀ ਵੀ ਸਥਿਤੀ ਦਾ ਜਾਇਜ਼ਾ ਲੈਣ ਲਈ ਮੌਕੇ 'ਤੇ ਪਹੁੰਚੇ। ਸੀ.ਆਈ.ਏ., ਸਪੈਸ਼ਲ ਸੈੱਲ ਅਤੇ ਫੋਰੈਂਸਿਕ ਸਾਇੰਸ ਲੈਬਾਰਟਰੀ (ਐੱਫ.ਐੱਸ.ਐੱਲ.) ਦੀਆਂ ਟੀਮਾਂ ਨੇ ਅਪਰਾਧ ਵਾਲੀ ਥਾਂ ਦੀ ਬਾਰੀਕੀ ਨਾਲ

(ਬਾਕੀ ਸਫ਼ਾ 2 'ਤੇ)

### ਸਰਕਾਰ ਦੀ ਨੈੱਟਫਲਿਕਸ ਨੂੰ ਚਿਤਾਵਨੀ

## ਭਾਰਤ 'ਚ ਪਾਕਿਸਤਾਨੀ ਸਮੱਗਰੀ ਦੀ ਸਟ੍ਰੀਮਿੰਗ ਨਹੀਂ ਹੋ ਸਕਦੀ

- **ਕਰਾਚੀ ਵਿੱਚ 'ਜੋ ਬਚੇ ਹੈਂ ਸੰਗ ਸਮੇਟ ਲੋ' ਦਾ ਟ੍ਰੇਲਰ ਲਾਂਚ ਹੋਣ ਤੋਂ ਬਾਅਦ ਭਖਿਆ ਵਿਵਾਦ**

ਨਵੀਂ ਦਿੱਲੀ, (ਪੈ.ਗਾਮ-ਏ-ਜਗਤ)

ਨੈੱਟਫਲਿਕਸ ਵੱਲੋਂ ਮੰਗਲਵਾਰ ਨੂੰ ਕਰਾਚੀ ਵਿੱਚ ਇੱਕ ਸਮਾਗਮ ਦੌਰਾਨ ਆਪਣੀ ਪਹਿਲੀ ਪਾਕਿਸਤਾਨੀ ਮੌਲਿਕ ਲੜੀ (ਓਰੀਜਨਲ ਸੀਰੀਜ਼) 'ਜੋ ਬਚੇ ਹੈਂ ਸੰਗ ਸਮੇਟ ਲੋ' ਦਾ ਟ੍ਰੇਲਰ ਜਾਰੀ ਕੀਤੇ ਜਾਣ ਤੋਂ ਬਾਅਦ, ਭਾਰਤ ਸਰਕਾਰ ਨੇ ਇਸ ਓਟੀਟੀ ਪਲੇਟਫਾਰਮ ਨੂੰ ਭਾਰਤ ਵਿੱਚ ਇਸ ਦਾ ਪ੍ਰਸਾਰਨ (ਸਟ੍ਰੀਮਿੰਗ) ਕਰਨ ਵਿਰੁੱਧ ਚਿਤਾਵਨੀ ਦਿੱਤੀ ਹੈ।

ਸੂਤਰਾਂ ਅਨੁਸਾਰ, ਸੂਚਨਾ ਅਤੇ ਪ੍ਰਸਾਰਨ ਮੰਤਰਾਲੇ ਨੇ ਨੈੱਟਫਲਿਕਸ ਨੂੰ 8 ਮਈ, 2025 ਦੀ ਸਰਕਾਰੀ ਐਡਵਾਈਜ਼ਰੀ (ਸਲਾਹ) ਦੀ ਪਾਲਣਾ ਕਰਨ ਅਤੇ ਇਹ ਯਕੀਨੀ ਬਣਾਉਣ ਲਈ ਕਿਹਾ ਹੈ ਕਿ ਪਾਕਿਸਤਾਨ ਵਿੱਚ ਬਣੀ ਸਟ੍ਰੀਮਿੰਗ ਸਮੱਗਰੀ ਭਾਰਤ ਵਿੱਚ ਉਪਲੱਬਧ ਨਾ ਕਰਵਾਈ ਜਾਵੇ। ਉੱਚ ਸੂਤਰਾਂ ਨੇ ਦੱਸਿਆ, "ਪਿਛਲੇ ਸਾਲ ਜੂਨ ਵਿੱਚ, ਨੈੱਟਫਲਿਕਸ ਨੇ ਮੰਤਰਾਲੇ ਨੂੰ ਸੂਚਿਤ ਕੀਤਾ ਸੀ ਕਿ ਉਸ ਨੇ ਪਾਕਿਸਤਾਨ ਵਿੱਚ ਬਣੀ

(ਬਾਕੀ ਸਫ਼ਾ 2 'ਤੇ)

### ਕੀਰਤਪੁਰ ਸਾਹਿਬ-ਮਨਾਲੀ ਕੌਮੀ ਮਾਰਗ ਸੜਕ ਹਾਦਸਾ

## ਕੌਮੀ ਹਾਈਵੇਅ 'ਤੇ ਕਾਰ 'ਤੇ ਪਲਟਿਆ ਟਿੱਪਰ; ਤਿੰਨ ਹਲਾਕ



- **ਸੱਤ ਵਾਹਨਾਂ ਨੂੰ ਟੱਕਰ ਮਾਰਨ ਤੋਂ ਬਾਅਦ ਵਾਪਰਿਆ ਹਾਦਸਾ**
- **1 ਘੰਟੇ ਦੀ ਜੱਦੋ-ਜਹਿਦ ਮਗਰੋਂ ਵਾਹਨ ਹੇਠੋਂ ਕੱਢੀਆਂ ਲਾਸ਼ਾਂ**

ਰੂਪਨਗਰ/ਚੰਡੀਗੜ੍ਹ, 26 ਨਵੰਬਰ (ਪੈ.ਗਾਮ-ਏ-ਜਗਤ)

ਕੀਰਤਪੁਰ ਸਾਹਿਬ-ਮਨਾਲੀ ਕੌਮੀ ਮਾਰਗ 'ਤੇ ਭਰਤਗੜ੍ਹ ਨੇੜੇ ਅੱਜ ਦੁਪਹਿਰ ਸੜਕ ਹਾਦਸੇ ਵਿੱਚ ਤਿੰਨ ਵਿਅਕਤੀਆਂ ਦੀ ਮੌਤ ਹੋ ਗਈ। ਰੇਤੇ ਨਾਲ ਭਰਿਆ ਟਿੱਪਰ ਆਲੋਵਾਲ ਦੀ ਉਤਰਾਈ 'ਤੇ ਪਲਟ ਗਿਆ ਅਤੇ ਇਸ ਦੇ ਹੇਠਾਂ ਇਕ ਕਾਰ ਦੱਬ ਗਈ। ਹਾਦਸੇ ਦੌਰਾਨ ਸੱਤ ਹੋਰ ਵਾਹਨ ਵੀ ਨੁਕਸਾਨੇ ਗਏ। ਹਾਦਸਾ ਇੰਨਾ ਭਿਆਨਕ ਸੀ ਕਿ ਕਾਰ ਪੂਰੀ ਤਰ੍ਹਾਂ

# ਪੀ.ਈ.ਸੀ. ਵਿਖੇ ਉੱਨਤ ਗੰਦੇ ਪਾਣੀ ਦੇ ਇਲਾਜ ਅਤੇ ਰੋਗਾਣੂਨਾਸ਼ਕ ਰੋਧ ਬਾਰੇ ਮਾਹਿਰ ਭਾਸ਼ਣ ਆਯੋਜਿਤ

**ਚੰਡੀਗੜ੍ਹ, 26 ਨਵੰਬਰ**
**(ਪੈ.ਗਾਮ-ਏ-ਜਗਤ)**

ਪੰਜਾਬ ਇੰਜੀਨੀਅਰਿੰਗ ਕਾਲਜ (ਡੀਮਡ ਟੂ ਬੀ ਯੂਨੀਵਰਸਿਟੀ), ਚੰਡੀਗੜ੍ਹ ਵਿਖੇ 20 ਨਵੰਬਰ 2026 ਨੂੰ ਡੀ.ਐਸ.ਟੀ.-ਪਰਸ ਪ੍ਰੋਜੈਕਟ ਦੇ ਤਹਿਤ "ਸਿਹਤ ਸੇਵਾਵਾਂ ਲਈ ਗੰਦੇ ਪਾਣੀ ਵਿੱਚੋਂ ਐਂਟੀਬਾਇਓਟਿਕਸ ਨੂੰ ਹਟਾਉਣ ਅਤੇ ਰੋਗਾਣੂਨਾਸ਼ਕ ਰੋਧ ਨੂੰ ਘਟਾਉਣ ਲਈ ਉੱਨਤ ਆਕਸੀਕਰਨ ਅਤੇ ਅਧਿਸ਼ੋਸ਼ਣ ਪ੍ਰਕਿਰਿਆਵਾਂ" ਵਿਸ਼ੇ 'ਤੇ ਇੱਕ ਮਾਹਿਰ ਭਾਸ਼ਣ ਆਯੋਜਿਤ ਕੀਤਾ ਗਿਆ। ਇਸ ਮਾਹਿਰ ਭਾਸ਼ਣ ਵਿੱਚ ਪ੍ਰੋ. ਵਿਮਲ ਚੰਦਰ ਸ਼੍ਰੀਵਾਸਤਵ, ਪ੍ਰੋਫੈਸਰ, ਕੈਮੀਕਲ ਇੰਜੀਨੀਅਰਿੰਗ ਵਿਭਾਗ, ਆਈ.ਆਈ.ਟੀ. ਰੁੜਕੀ ਨੇ ਵਿਸ਼ੇਸ਼ ਵਿਆਖਿਆਨ ਦਿੱਤਾ।



ਉਨ੍ਹਾਂ ਨੇ ਗੰਦੇ ਪਾਣੀ ਵਿੱਚੋਂ ਐਂਟੀਬਾਇਓਟਿਕਸ ਨੂੰ ਹਟਾਉਣ ਲਈ ਉੱਨਤ ਆਕਸੀਕਰਨ ਅਤੇ ਅਧਿਸ਼ੋਸ਼ਣ ਪ੍ਰਕਿਰਿਆਵਾਂ ਅਤੇ ਖਾਸ ਤੌਰ 'ਤੇ ਸਿਹਤ ਸੇਵਾ ਖੇਤਰ ਵਿੱਚ ਰੋਗਾਣੂਨਾਸ਼ਕ ਰੋਧ ਨੂੰ ਘਟਾਉਣ ਵਿੱਚ ਉਨ੍ਹਾਂ ਦੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ।

ਇਸ ਮਾਹਿਰ ਭਾਸ਼ਣ ਰਾਹੀਂ ਫੈਕਲਟੀ ਮੈਂਬਰਾਂ, ਖੋਜਾਰਥੀਆਂ ਅਤੇ ਵਿਦਿਆਰਥੀਆਂ ਨੂੰ ਉੱਨਤ ਗੰਦੇ ਪਾਣੀ ਦੇ ਇਲਾਜ ਦੀਆਂ ਤਕਨਾਲੋਜੀਆਂ ਅਤੇ ਉੱਭਰ ਰਹੀਆਂ ਵਾਤਾਵਰਣਕ ਅਤੇ ਸਿਹਤ ਸੰਬੰਧੀ ਚੁਣੌਤੀਆਂ ਦੇ ਹੱਲ ਵਿੱਚ ਉਨ੍ਹਾਂ ਦੀ ਮਹੱਤਤਾ ਬਾਰੇ ਜਾਣਕਾਰੀ ਪ੍ਰਾਪਤ ਕਰਨ ਦਾ ਮੌਕਾ ਮਿਲਿਆ। ਇਹ ਸਮਾਗਮ ਡੀ.ਐਸ.ਟੀ.-ਪਰਸ ਪ੍ਰੋਜੈਕਟ "ਸਿਹਤ ਸੇਵਾਵਾਂ ਲਈ ਬਾਇਓਮੈਟੀਰੀਅਲਜ਼ ਅਤੇ ਡਾਇਗਨੌਸਟਿਕ ਉਪਕਰਣਾਂ ਲਈ ਟਿਕਾਊ ਤਕਨਾਲੋਜੀਆਂ"ਦੇ ਤਹਿਤ ਆਯੋਜਿਤ ਕੀਤਾ ਗਿਆ। ਇਸ ਦਾ ਉਦੇਸ਼ ਵਿਗਿਆਨ ਅਤੇ ਤਕਨਾਲੋਜੀ ਦੇ ਉੱਭਰ ਰਹੇ ਖੇਤਰਾਂ ਵਿੱਚ ਖੋਜ, ਗਿਆਨ ਦੇ ਆਦਾਨ-ਪ੍ਰਦਾਨ ਅਤੇ ਅਕਾਦਮਿਕ ਸਹਿਯੋਗ ਨੂੰ ਉਤਸ਼ਾਹਿਤ ਕਰਨਾ ਸੀ।

ਇਸ ਮਾਹਿਰ ਭਾਸ਼ਣ ਵਿੱਚ DST-PURSE ਪ੍ਰੋਜੈਕਟ ਦੇ ਮੈਂਬਰਾਂ, ਫੈਕਲਟੀ ਮੈਂਬਰਾਂ, ਖੋਜਾਰਥੀਆਂ ਅਤੇ ਵਿਦਿਆਰਥੀਆਂ ਨੇ ਭਾਗ ਲਿਆ। ਇਹ ਸੈਸ਼ਨ ਅਕਾਦਮਿਕ ਵਿਚਾਰ-ਵਟਾਂਦਰੇ ਲਈ ਇੱਕ ਪ੍ਰਭਾਵਸ਼ਾਲੀ ਮੰਚ ਸਾਬਤ ਹੋਇਆ ਅਤੇ ਟਿਕਾਊ ਗੰਦੇ ਪਾਣੀ ਦੇ ਇਲਾਜ ਅਤੇ ਰੋਗਾਣੂਨਾਸ਼ਕ ਰੋਧ ਨੂੰ ਘਟਾਉਣ ਲਈ ਨਵੀਨਤਮ ਪਹੁੰਚਾਂ ਬਾਰੇ ਜਾਗਰੂਕਤਾ ਵਧਾਉਣ ਵਿੱਚ ਸਹਾਇਕ ਰਿਹਾ।

# ਵੈਟਨਰੀ ਫਾਊਂਡੇਸ਼ਨ ਵੱਲੋਂ ਸਿਖਲਾਈ ਅਤੇ ਵਿੱਤੀ ਸਹਾਇਤਾ ਪ੍ਰਾਪਤ ਸਟਾਰਟਅੱਪ 'ਹਰਬਸਪਾਰਕ ਨਿਊਟਰਾਸਿਊਟੀਕਲਸ' ਨੂੰ ਮਿਲੀ ਹੋਰ ਵਿੱਤੀ ਸਹਾਇਤਾ

**ਲੁਧਿਆਣਾ 26 ਨਵੰਬਰ**
**(ਪੈ.ਗਾਮ-ਏ-ਜਗਤ)**

ਹਰਬਸਪਾਰਕ ਨਿਊਟਰਾਸਿਊਟੀਕਲਸ ਪ੍ਰਾਈਵੇਟ ਲਿਮਟਿਡ, ਸਟਾਰਟਅੱਪ ਜੋ ਗੁਰੂ ਅੰਗਦ ਦੇਵ ਵੈਟਨਰੀ ਐਂਡ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਦੇ ਵੈਟਨਰੀ ਐਂਡ ਲਾਈਵਸਟਾਕ ਇਨੋਵੇਸ਼ਨ ਐਂਡ ਇਨਕਿਊਬੇਸ਼ਨ ਫਾਊਂਡੇਸ਼ਨ ਵੱਲੋਂ ਸਿਖਲਾਈ ਅਤੇ ਵਿੱਤੀ ਸਹਾਇਤਾ ਪ੍ਰਾਪਤ ਹੈ, ਨੂੰ ਉਦਯੋਗਿਕ ਅਤੇ ਵਪਾਰਕ ਵਿਕਾਸ ਨੀਤੀ-2022 ਦੇ ਤਹਿਤ ਪੰਜਾਬ ਸਰਕਾਰ ਦੁਆਰਾ 3 ਲੱਖ ਦੀ ਹੋਰ ਵਿੱਤੀ ਸਹਾਇਤਾ ਮੰਜ਼ੂਰੀ ਦਿੱਤੀ ਗਈ ਹੈ।

ਡਾ: ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ ਨੇ ਸਟਾਰਟਅੱਪ ਨੂੰ ਵਧਾਈ ਦਿੱਤੀ ਅਤੇ ਵਿੱਤੀ ਸਹਾਇਤਾ, ਸਲਾਹ ਅਤੇ ਸੰਸਥਾਗਤ ਸਹਾਇਤਾ ਰਾਹੀਂ ਉੱਦਮੀ ਉੱਦਮਾਂ ਨੂੰ ਉਤਸ਼ਾਹਿਤ ਕਰਨ ਵਿੱਚ ਫਾਊਂਡੇਸ਼ਨ ਦੇ ਸਰਗਰਮ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਖੋਜ-ਅਧਾਰਤ ਤਕਨਾਲੋਜੀਆਂ ਦੇ ਨਵੀਨਤਾ, ਉੱਦਮਤਾ ਅਤੇ ਵਪਾਰੀਕਰਨ ਨੂੰ ਉਤਸ਼ਾਹਿਤ ਕਰਨ ਲਈ ਯੂਨੀਵਰਸਿਟੀ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ। ਇਹ ਪ੍ਰਾਪਤੀ ਵੈਟਨਰੀ ਵਰਸਿਟੀ ਵਿਖੇ ਸਟਾਰਟਅੱਪ ਵਾਤਾਵਰਣਕ ਢਾਂਚੇ ਨੂੰ ਮਜ਼ਬੂਤ ਕਰਨ ਵਿੱਚ ਫਾਊਂਡੇਸ਼ਨ ਦੇ ਵੱਧ ਰਹੇ ਯੋਗਦਾਨ ਨੂੰ ਦਰਸਾਉਂਦੀ ਹੈ।

ਫਾਊਂਡੇਸ਼ਨ ਦੇ ਨਿਰਦੇਸ਼ਕ ਅਤੇ ਕਾਲਜ ਆਫ਼ ਐਨੀਮਲ ਬਾਇਓਟੈਕਨਾਲੋਜੀ ਦੇ ਡੀਨ ਡਾ. ਰਾਮ ਸਰਨ ਸੇਠੀ ਨੇ ਇਸ ਗੱਲ 'ਤੇ ਚਾਨਣਾ ਪਾਇਆ ਕਿ ਫਾਊਂਡੇਸ਼ਨ ਨੇ ਪਹਿਲਾਂ 'ਹਰਬਸਪਾਰਕ ਨਿਊਟਰਾਸਿਊਟੀਕਲਸ' ਨੂੰ ਆਪਣੀਆਂ ਸ਼ੁਰੂਆਤੀ ਉੱਦਮੀ ਗਤੀਵਿਧੀਆਂ ਅਤੇ ਕਾਰੋਬਾਰੀ ਵਿਕਾਸ ਲਈ 4 ਲੱਖ ਦੀ ਗ੍ਰਾਂਟ ਦਿੱਤੀ ਸੀ। ਇਹ ਵਾਧੂ ਵਿੱਤੀ ਸਹਾਇਤਾ ਸਟਾਰਟਅੱਪ ਦੀ ਮਾਨਤਾ ਅਤੇ ਇਸਦੇ ਵਿਕਾਸ ਨੂੰ ਤੇਜ਼ ਕਰਨ ਸੰਬੰਧੀ ਮਹੱਤਵਪੂਰਨ ਟੀਚੇ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਸਟਾਰਟਅੱਪਸ ਨੂੰ ਅੱਗੇ ਵਧਾਉਣ ਅਤੇ ਸਰਕਾਰੀ ਸਹਾਇਤਾ ਤੱਕ ਉਨ੍ਹਾਂ ਦੀ ਪਹੁੰਚ ਨੂੰ ਸੁਚਾਰੂ ਬਣਾਉਣ ਵਿੱਚ ਫਾਊਂਡੇਸ਼ਨ ਦੇ ਯੋਗਦਾਨ ਨੂੰ ਉਜਾਗਰ ਕਰਦੀ ਹੈ। ਸ਼੍ਰੀਮਤੀ ਇਕਬਾਲਪ੍ਰੀਤ ਕੌਰ ਮੁੱਖ ਕਾਰਜਕਾਰੀ ਅਧਿਕਾਰੀ ਨੇ ਵਿੱਤੀ ਸਹੂਲਤ, ਸਮਰੱਥਾ ਨਿਰਮਾਣ, ਸਲਾਹ, ਨੈੱਟਵਰਕਿੰਗ ਮੌਕਿਆਂ ਅਤੇ ਉਦਯੋਗਿਕ ਸਬੰਧਾਂ ਰਾਹੀਂ ਨਵੀਨਤਾ-ਸੰਚਾਲਿਤ ਉੱਦਮੀਆਂ ਨੂੰ ਅੱਗੇ ਵਧਾਉਣ ਲਈ ਫਾਊਂਡੇਸ਼ਨ ਦੀ ਵਚਨਬੱਧਤਾ ਨੂੰ ਦੁਹਰਾਇਆ। ਇਸ ਨਾਲ ਟਿਕਾਊ ਉੱਦਮਤਾ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ ਅਤੇ ਸਟਾਰਟਅੱਪ ਢਾਂਚੇ ਨੂੰ ਮਜ਼ਬੂਤ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਹ ਫਾਊਂਡੇਸ਼ਨ ਸਮੇਂ ਸਿਰ ਵਿੱਤੀ ਸਹਾਇਤਾ, ਢਾਂਚਾਗਤ ਸਹਿਯੋਗ , ਸਲਾਹ ਅਤੇ ਸੰਸਥਾਗਤ ਸਹਾਇਤਾ ਦੇ ਨਾਲ, ਉੱਭਰ ਰਹੇ ਉੱਦਮਾਂ ਨੂੰ ਮਜ਼ਬੂਤ ਕਰਨ ਅਤੇ ਉਨ੍ਹਾਂ ਦੀ ਵਿਕਾਸ ਸੰਭਾਵਨਾ ਨੂੰ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ।

# ਸੰਵਿਧਾਨ ਦਿਵਸ 'ਤੇ ਐਸ.ਡੀ.ਐਸ. ਮਹਾਂਵਿਦਿਆਲਿਆ ਵਿੱਚ ਪ੍ਰੋਗਰਾਮ ਆਯੋਜਿਤ

**ਪੈਗਾਮ-ਏ-ਜਗਤ**
**ਰਤੀਆ, 26 ਨਵੰਬਰ**
**(ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)**

ਸ਼ਹੀਦ ਦਵਿੰਦਰ ਸਿੰਘ ਸਰਕਾਰੀ ਪੋਸਟ ਗ੍ਰੈਜੂਏਟ ਮਹਿਲਾ ਮਹਾਂਵਿਦਿਆਲਿਆ, ਰਤੀਆ ਵਿੱਚ ਸੰਵਿਧਾਨ ਦਿਵਸ ਦੇ ਮੌਕੇ 'ਤੇ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਪ੍ਰਧਾਨਗੀ ਕਾਰਜਕਾਰੀ ਪ੍ਰਿੰਸੀਪਲ ਕ੍ਰਿਸ਼ਨ ਲਾਲ ਨੇ ਕੀਤੀ ਅਤੇ ਪ੍ਰੋਗਰਾਮ ਦਾ ਤਾਲਮੇਲ ਡਾ. ਸੈਨ ਕੁਮਾਰ ਵੱਲੋਂ ਕੀਤਾ ਗਿਆ।



ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਭਾਰਤੀ ਸੰਵਿਧਾਨ ਦੇ ਨਿਰਮਾਣ, ਉਸ ਦੇ ਮੂਲ ਸਿਧਾਂਤਾਂ, ਨਾਗਰਿਕ ਅਧਿਕਾਰਾਂ ਅਤੇ ਕਰਤੱਵਾਂ ਪ੍ਰਤੀ ਜਾਗਰੂਕ ਕਰਨਾ ਸੀ। ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਕਾਰਜਕਾਰੀ ਪ੍ਰਿੰਸੀਪਲ ਕ੍ਰਿਸ਼ਨ ਲਾਲ ਨੇ ਕਿਹਾ ਕਿ ਭਾਰਤੀ ਸੰਵਿਧਾਨ ਸਾਡੇ ਲੋਕਤੰਤਰ ਦੀ ਆਤਮਾ ਹੈ। ਇਹ ਹਰ ਨਾਗਰਿਕ ਨੂੰ ਸਮਾਨਤਾ, ਸੁਤੰਤਰਤਾ, ਨਿਆਂ ਅਤੇ ਭਾਈਚਾਰੇ ਦਾ ਅਧਿਕਾਰ ਪ੍ਰਦਾਨ ਕਰਦਾ ਹੈ। ਸੰਵਿਧਾਨ ਸਿਰਫ਼ ਸ਼ਾਸਨ ਸੰਚਾਲਨ ਦਾ ਦਸਤਾਵੇਜ਼ ਨਹੀਂ, ਸਗੋਂ ਦੇਸ਼ ਦੀ ਏਕਤਾ, ਅਖੰਡਤਾ ਅਤੇ ਸਮਾਜਿਕ ਸਦਭਾਵਨਾ ਦਾ ਆਧਾਰ ਵੀ ਹੈ। ਉਨ੍ਹਾਂ ਕਿਹਾ ਕਿ ਹਰ ਨਾਗਰਿਕ ਦਾ ਫਰਜ਼ ਹੈ ਕਿ ਉਹ ਸੰਵਿਧਾਨਕ ਕਦਰਾਂ-ਕੀਮਤਾਂ ਦਾ ਸਤਿਕਾਰ ਕਰੇ ਅਤੇ ਆਪਣੇ ਅਧਿਕਾਰਾਂ ਦੇ ਨਾਲ-ਨਾਲ ਕਰਤੱਵਾਂ ਪ੍ਰਤੀ ਵੀ ਸੁਚੇਤ ਰਹੇ। ਡਾ. ਵਿਸ਼ਨੂੰ ਰਾਮ ਨੇ ਸੰਵਿਧਾਨ ਦੇ ਮਹੱਤਵ 'ਤੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਭਾਰਤੀ ਸੰਵਿਧਾਨ ਦੁਨੀਆ ਦੇ ਸਭ ਤੋਂ ਵਿਸਤ੍ਰਿਤ ਲਿਖਤੀ ਸੰਵਿਧਾਨਾਂ ਵਿੱਚੋਂ ਇੱਕ ਹੈ। ਇਹ ਦੇਸ਼ ਦੇ ਸਾਰੇ ਨਾਗਰਿਕਾਂ ਨੂੰ ਬਰਾਬਰ ਮੌਕੇ ਪ੍ਰਦਾਨ ਕਰਨ ਦੇ ਨਾਲ-ਨਾਲ ਲੋਕਤੰਤਰੀ ਵਿਵਸਥਾ ਨੂੰ ਮਜ਼ਬੂਤ ਬਣਾਉਂਦਾ ਹੈ। ਉਨ੍ਹਾਂ ਨੇ ਵਿਦਿਆਰਥਣਾਂ ਨੂੰ ਸੰਵਿਧਾਨ ਵਿੱਚ ਦਰਜ ਮੌਲਿਕ ਅਧਿਕਾਰਾਂ, ਨੀਤੀ-ਨਿਰਦੇਸ਼ਕ ਸਿਧਾਂਤਾਂ ਅਤੇ ਮੌਲਿਕ ਕਰਤੱਵਾਂ ਦੀ ਜਾਣਕਾਰੀ ਦਿੰਦਿਆਂ ਇਨ੍ਹਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ। ਜਨ ਸੰਪਰਕ ਅਧਿਕਾਰੀ ਡਾ. ਸੁਰਿੰਦਰ ਸ਼ਰਮਾ ਨੇ ਭਾਰਤੀ ਸੰਵਿਧਾਨ ਦੇ ਖਰੜਾ ਨਿਰਮਾਣ ਦੀ ਪ੍ਰਕਿਰਿਆ 'ਤੇ ਚਾਨਣਾ ਪਾਉਂਦਿਆਂ ਦੱਸਿਆ ਕਿ ਸੰਵਿਧਾਨ ਸਭਾ ਨੇ ਲਗਭਗ ਦੋ ਸਾਲ, ਗਿਆਰਾਂ ਮਹੀਨੇ ਅਤੇ ਅਠਾਰਾਂ ਦਿਨ ਦੇ ਅਣਥੱਕ ਵਿਚਾਰ-ਵਟਾਂਦਰੇ ਤੋਂ ਬਾਅਦ ਸੰਵਿਧਾਨ ਤਿਆਰ ਕੀਤਾ। ਸੰਵਿਧਾਨ ਸਭਾ ਦੀ ਖਰੜਾ ਕਮੇਟੀ ਦੇ ਪ੍ਰਧਾਨ ਡਾ. ਭੀਮਰਾਓ ਅੰਬੇਡਕਰ ਨੇ ਸੰਵਿਧਾਨ ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਉਨ੍ਹਾਂ ਦੱਸਿਆ ਕਿ 26 ਨਵੰਬਰ 1949 ਨੂੰ ਸੰਵਿਧਾਨ ਸਭਾ ਨੇ ਭਾਰਤੀ ਸੰਵਿਧਾਨ ਨੂੰ ਅੰਗੀਕ੍ਰਿਤ ਕੀਤਾ ਅਤੇ 26 ਜਨਵਰੀ 1950 ਨੂੰ ਇਸ ਨੂੰ ਲਾਗੂ ਕੀਤਾ ਗਿਆ। ਇਸੇ ਇਤਿਹਾਸਕ ਮਹੱਤਵ ਦੇ ਕਾਰਨ ਹਰ ਸਾਲ 26 ਨਵੰਬਰ ਨੂੰ ਸੰਵਿਧਾਨ ਦਿਵਸ ਮਨਾਇਆ ਜਾਂਦਾ ਹੈ। ਪ੍ਰੋਗਰਾਮ ਵਿੱਚ ਵਿਦਿਆਰਥਣਾਂ ਵਿਰਪਾਲ ਕੌਰ ਬੀਏ ਪਹਿਲਾ ਸਾਲ, ਨਿਰਮਲ ਬੀਏ ਦੂਜਾ ਸਾਲ, ਹਰਸ਼ਦੀਪ ਕੌਰ ਅਤੇ ਪਾਇਲ ਗੋਇਲ ਬੀਏ ਆਖਰੀ ਸਾਲ ਨੇ ਵੀ ਸੰਵਿਧਾਨ ਦਿਵਸ ਦੇ ਮਹੱਤਵ 'ਤੇ ਆਪਣੇ ਵਿਚਾਰ ਪੇਸ਼ ਕੀਤੇ। ਡਾ. ਸੱਜਣ ਸਿੰਘ ਨੇ ਸੰਵਿਧਾਨ ਦੀ ਪ੍ਰਸਤਾਵਨਾ ਦਾ ਸਮੂਹਿਕ ਪਾਠ ਕਰਵਾਇਆ। ਇਸ ਦੌਰਾਨ ਹਾਜ਼ਰ ਸਾਰਿਆਂ ਨੇ ਸੰਵਿਧਾਨ ਦੇ ਮੂਲ ਆਦਰਸ਼ਾਂ ਅਤੇ ਕਦਰਾਂ-ਕੀਮਤਾਂ ਪ੍ਰਤੀ ਆਪਣੀ ਵਚਨਬੱਧਤਾ ਪ੍ਰਗਟ ਕੀਤੀ। ਇਸ ਮੌਕੇ 'ਤੇ ਪ੍ਰੋ. ਗੁਰਪਿੰਦਰ ਸਿੰਘ, ਡਾ. ਬਲਕਾਰ ਸਿੰਘ, ਪ੍ਰੋ. ਬਿੰਦੂ ਅਤੇ ਵਿਦਿਆਰਥਣਾਂ ਹਾਜ਼ਰ ਰਹੀਆਂ।

# ਅਣੂ ਮਿੰਨੀ ਪੱਤ੍ਰਿਕਾ ਦਾ 'ਜੰਗ' ਵਿਸ਼ੇਸ਼ ਅੰਕ ਦਸੰਬਰ 2026 ਲੋਕ ਅਰਪਣ ਕੀਤਾ ਗਿਆ

**ਲੁਧਿਆਣਾ, 26 ਨਵੰਬਰ**
**(ਪੈ.ਗਾਮ-ਏ-ਜਗਤ)**

ਪੰਜਾਬੀ ਸਾਹਿਤ ਅਕੈਡਮੀ ਲੁਧਿਆਣਾ ਦੇ ਵਿਹੜੇ ਮਿੰਨੀ ਰਚਨਾਵਾਂ ਦੀ ਸਾਹਿਤਕ ਪੱਤ੍ਰਿਕਾ 'ਅਣੂ' ਦਾ ਜੰਗ ਨਾਲ ਸਬੰਧਿਤ ਮਿੰਨੀ ਕਹਾਣੀਆਂ ਦਾ ਵਿਸ਼ੇਸ਼ ਅੰਕ, ਦਸੰਬਰ 2026 ਗੀਲੀਜ ਕੀਤਾ ਗਿਆ।



ਇਸ ਅੰਕ ਦੀ ਪ੍ਰਕਾਸ਼ਨਾ ਨਾਲ ਅਣੂ ਦਾ ਪਚਵੰਜਾ ਸਾਲ ਦੀ ਨਿਰੰਤਰਾ ਦਾ ਸਫਰ ਤਹਿ ਹੁੰਦਾ ਹੈ।ਅਣੂ ਦੇ ਇਸ ਅੰਕ ਨੂੰ ਲੋਕ ਅਰਪਣ ਕਰਨ ਲਈ ਵਿਸ਼ੇਸ਼ ਤੌਰ ਤੇ ਪ੍ਰਗਤੀਸ਼ੀਲ ਲੇਖਕ ਸੰਘ ਭਾਰਤ ਦੇ ਜਨਰਲ ਸਕੱਤਰ ਤੇ ਪੰਜਾਬੀ ਸਾਹਿਤ ਅਕੈਡਮੀ ਲੁਧਿਆਣਾ ਦੇ ਸਾਬਕਾ ਪ੍ਰਧਾਨ ਡਾਕਟਰ ਸੁਖਦੇਵ ਸਿੰਘ ਸਿਰਸਾ, ਪੰਜਾਬੀ ਸਾਹਿਤ ਅਕੈਡਮੀ ਦੇ ਮੌਜੂਦਾ ਪ੍ਰਧਾਨ ਡਾਕਟਰ ਸਰਬਜੀਤ ਸਿੰਘ, ਡਾਕਟਰ ਗੁਲਜ਼ਾਰ ਸਿੰਘ ਪੰਧੇਰ ਜਨਰਲ ਸਕੱਤਰ ਦੇ ਨਾਲ ਅਣੂ ਦੇ ਸੰਪਾਦਕ ਸੁਰਿੰਦਰ ਕੈਲੇ, ਜਸਪਾਲ ਮਾਨਖੇੜਾ, ਕੇ.ਸਾਧੂ ਸਿੰਘ, ਮਾਲਵਿੰਦਰ ਸਿੰਘ ਜੱਗੀ ਤੇ ਮਲਕੀਤ ਸਿੰਘ ਔਲਖ ਸ਼ਾਮਲ ਹੋਏ। ਇਸ ਅੰਕ ਨੂੰ ਗੀਲੀਜ ਕਰਨ ਵਾਲੀਆਂ ਮਹਾਨ ਸ਼ਖਸੀਅਤਾਂ ਨੇ ਅਣੂ ਪੱਤ੍ਰਿਕਾ ਦੀ ਪੰਜਾਬੀ ਸਾਹਿਤ ਤੇ ਸਮਾਜ ਦੀ ਬਿਹਤਰੀ ਲਈ ਪਾਏ ਯੋਗਦਾਨ ਨੂੰ ਸਲਾਹਿਆ ਤੇ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੱਤੀਆਂ। ਸੁਰਿੰਦਰ ਕੈਲੇ ਨੇ ਰਸਮ ਨਿਭਾਉਣ ਵਾਲੇ ਵਿਦਵਾਨਾਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਇਹ ਪੱਤ੍ਰਿਕਾ ਪੱਛਮੀ ਬੰਗਾਲ ਦੇ ਮਹਾਂਨਗਰ ਕਲਕੱਤਾ ਤੋਂ ਜੁਲਾਈ 1972 ਵਿੱਚ 'ਅਣੂਰੂਪ' ਦੇ ਨਾਂ ਥੱਲੇ ਸ਼ੁਰੂ ਕੀਤੀ ਗਈ ਸੀ ਜਿਸਨੂੰ ਭਾਰਤ ਸਰਕਾਰ ਨੇ 'ਅਣੂ' ਦੇ ਨਾਂ ਹੇਠ ਰਜਿਸਟਰਡ ਕੀਤਾ ਸੀ। ਬਾਅਦ ਵਿੱਚ ਇਸਦੀ ਪ੍ਰਕਾਸ਼ਨਾ ਲੁਧਿਆਣੇ ਤੋਂ ਸ਼ੁਰੂ ਹੋ ਗਈ ਸੀ।

# ਪੰਜਾਬ 'ਚ ਭ੍ਰਿਸ਼ਟਾਚਾਰ ਵਿਰੁੱਧ ਵੱਡੀ ਕਾਰਵਾਈ ਦੇ ਸੰਕੇਤ, 100 ਤੋਂ ਵੱਧ ਅਫਸਰ ਕੇਂਦਰੀ ਏਜੰਸੀਆਂ ਦੇ ਰਾਡਾਰ 'ਤੇ

**ਪੈ.ਗਾਮ-ਏ-ਜਗਤ/ਬਲਾਚੌਰ**
**26 ਨਵੰਬਰ (ਜਤਿੰਦਰਪਾਲ ਸਿੰਘ ਕਲੇਰ)**

ਪਿਛਲੇ 25 ਸਾਲਾਂ ਦੌਰਾਨ ਭ੍ਰਿਸ਼ਟਾਚਾਰ ਨੇ ਪੰਜਾਬ ਨੂੰ ਧੁਰ ਅੰਦਰੋਂ ਖੋਖਲਾ ਕਰ ਦਿੱਤਾ ਹੈ ਅਤੇ ਪੰਜਾਬ ਦੇ ਲੋਕਾਂ ਦਾ ਇਹ ਸੰਤਾਪ ਲਗਾਤਾਰ ਵੱਧ ਰਿਹਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਅੱਜ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ।



**ਭ੍ਰਿਸ਼ਟਾਚਾਰ ਦੀ ਜੜ੍ਹ ਕਾਰਪੋਰੇਟ ਮਾਡਲ : ਰਾਣਾ**

ਉਨ੍ਹਾਂ ਕਿਹਾ ਕਿ ਭ੍ਰਿਸ਼ਟਾਚਾਰ ਦਾ ਮੂਲ ਕਾਰਨ ਸਾਮਰਾਜ ਨਿਰਦੇਸ਼ਤ ਪੂੰਜੀਵਾਦੀ ਕਾਰਪੋਰੇਟ ਵਿਕਾਸ ਦਾ ਮਾਡਲ ਹੈ। ਇਸ ਮਾਡਲ ਦੀ ਪੈਰਵਈ ਹੁਕਮਰਾਨ ਸਿਆਸੀ ਧਿਰਾਂ ਕਰ ਰਹੀਆਂ ਹਨ। ਪੰਜਾਬ ਵਿੱਚ ਪ੍ਰਸ਼ਾਸਨ ਦਾ ਬਹੁਤ ਵੱਡਾ ਹਿੱਸਾ ਭ੍ਰਿਸ਼ਟਾਚਾਰ ਵਿੱਚ ਲਿਪਤ ਹੈ। ਇਸੇ ਕਾਰਨ ਪੰਜਾਬ ਦੇ ਆਮ ਲੋਕਾਂ ਦੇ ਸਹੀ ਅਤੇ ਕਾਨੂੰਨੀ ਕੰਮ ਵੀ ਨਹੀਂ ਹੋ ਰਹੇ ਅਤੇ ਲੋਕ ਖੱਜਲ ਖੁਆਰ ਹੋ ਰਹੇ ਹਨ। ਲੋਕਾਂ ਨੂੰ 25 ਸਾਲ ਵਿੱਚ ਸਿਰਫ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਦੇ ਲਾਰੇ ਹੀ ਮਿਲੇ ਹਨ ਜਦ ਕਿ ਭ੍ਰਿਸ਼ਟਾਚਾਰ ਕੌਡੀ ਵੇਲ ਵਾਂਗ ਵਧਦਾ ਹੀ ਜਾ ਰਿਹਾ ਹੈ।

**ਚੋਣਾਂ ਮੌਕੇ ਯੁੱਧ ਪੱਧਰ 'ਤੇ ਜਾਂਚ, ਥੋਕ ਵਿੱਚ ਗ੍ਰਿਫਤਾਰੀਆਂ ਦੇ ਸੰਕੇਤ**

ਹੁਣ ਚੋਣਾਂ ਸਮੇਂ, ਪੰਜਾਬ ਸਰਕਾਰ ਦੇ 100 ਤੋਂ ਵੱਧ 

# ਅੱਖਾਂ ਦਾ ਫ਼ਰੀ ਚੈੱਕਅਪ ਕੈਂਪ ਦਾ ਆਯੋਜਿਤ ਕੀਤਾ

ਪੈ.ਗਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)

ਧੰਨ ਬਾਪੂ ਕੁੰਭ ਦਾਸ ਮਹਾਰਾਜ ਜੀ ਦਾ ਜਨਮ ਦਿਹਾੜਾ ਸ਼ਰਧਾ ਪੂਰਵਕ ਵੱਖ ਵੱਖ ਡੇਰਿਆ ਵਿਚ ਮਨਾਇਆ ਗਿਆ ਤੇ ਇਸ ਮੌਕੇ ਤੇ ਜਾਣਕਾਰੀ ਦਿੰਦਿਆ ਪ੍ਰਧਾਨ ਸੁਰਿੰਦਰ ਪਾਲ ਵਰਮਾ ਤੇ ਦਲਜੀਤ ਸਿੰਘ ਬੈਂਸ ਖੁਰਦਾਂ ਸਲਾਹਕਰ ਰੋਟਰੀ ਆਈ ਬੈਂਕ ਤੇ ਕਾਰਨੀਲ ਟਰਾਂਸਪਲਾਂਟ ਸੋਸਾਇਟੀ ਯੂਨਿਟ ਗੜ੍ਹਸ਼ੰਕਰ ਨੇ ਦੱਸਿਆ ਕਿ ਓਹਨਾ ਦੇ ਜਨਮ ਦਿਹਾੜੇ ਨੂੰ ਸਮਰਪਿਤ ਸੇਵਾ ਸੰਮਤੀ ਗੜ੍ਹੀ ਮੱਟੋ ਅੱਖਾਂ ਦਾ ਫ਼ਰੀ ਚੈਕਅਪ ਕੈਂਪ ਦਾ ਆਯੋਜਨ ਕੀਤਾ , ਜਿਸ ਵਿੱਚ ਆਈਆਂ ਹੋਈਆਂ ਸੰਗਤਾਂ ਨੇ ਆਪਣੀਆਂ ਅੱਖਾਂ ਨੂੰ ਚੈੱਕ ਕਰਵਾਇਆ ਇਸ ਤੇ ਲੱਗਭਗ 297 ਮਰੀਜਾਂ



ਦੀ ਜਾਂਚ ਡਾਕਟਰ ਸਤਿਆ ਪ੍ਰਕਾਸ਼ ਐਸ ਪੀ ਹਸਪਤਾਲ ਗੜ੍ਹਸ਼ੰਕਰ ਵਲੋਂ ਕੀਤੀ ਗਈ ਤੇ ਇਸ ਮੌਕੇ 'ਤੇ ਸੇਵਾ ਸੰਮਤੀ ਵਲੋਂ ਲੋੜਵੰਦਾਂ ਨੂੰ ਐਨਕਾਂ ਤੇ ਮੁਫ਼ਤ ਦਵਾਈਆਂ ਵੰਡੀਆਂ ਗਈਆਂ ਇਸ ਮੌਕੇ 'ਤੇ ਹਵਨ ਯੱਗ ਕੀਤਾ ਗਿਆ ਤੇ ਉੱਘੇ ਕਲਾਕਾਰ ਰਾਮ ਮੋਜੀ ਬੀਟ ਗਰੁੱਪ ਚੱਬੇਵਾਲ ਅਤੇ ਲੱਕੀ ਹਿਆਲਾ, ਹੈਪੀ ਬਿੱਲਾ ਬ੍ਦਰਜ਼ , ਪ੍ਰਕਾਸ਼ ਪ੍ਰੇਮੀ, ਹੈਰੀ ਬੱਲ UK ਆਦਿ ਕਲਾਕਾਰਾਂ ਵਲੋਂ ਬਾਪੂ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਤੇ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ ਕਮੇਟੀ ਪ੍ਰਧਾਨ ਸੁਰਿੰਦਰ ਪਾਲ ਵਰਮਾ, ਦਲਜੀਤ ਸਿੰਘ ਬੈਂਸ ਖੁਰਦਾਂ , ਸੁਨੀਲ ਕੁਮਾਰ ਰਾਣਾ, ਅਸ਼ੋਕ ਕੁਮਾਰ ਐਮ ਸੀ,ਡਾ.ਸ਼ਤਵੰਤ ਹੀਰ,ਅਸ਼ਵਨੀ ਜੋਸ਼ੀ,ਕੇਵਲ ਅਰੋੜਾ ਡਾ. ਖੁਸ਼ਵੀਰ ਹੀਰ, ਡਾ.ਸੁਖਵਿੰਦਰ ਅਰਵਿੰਦਰ ਕੁਮਾਰ , ਸਰਜੰਟ ਸਿੰਘ, ਰਿੰਕਾ ਰਾਜਪੁਰੀਆ ,ਹਰਮੇਸ਼ ਲਾਲ ਗੋਗੀ ਤੇ ਹੋਰ ਕਮੇਟੀ ਮੈਬਰ ਹਾਜ਼ਰ ਸਨ।

# ਗੰਨੇ ਦੇ ਭਾਅ ਵਿੱਚ ਮਹਿਜ਼ 15 ਰੁਪਏ ਵਾਧਾ ਕਰਕੇ ਪੰਜਾਬ ਸਰਕਾਰ ਕਿਸਾਨਾਂ ਨਾਲ ਕਰ ਰਹੀ ਕੋਝਾ ਮਜ਼ਾਕ: ਗੁਰਨੇਕ ਸਿੰਘ

ਪੈ.ਗਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)

- ਗੰਨੇ ਦਾ ਘੱਟੋ-ਘੱਟ ਭਾਅ 500 ਰੁਪਏ ਪ੍ਰਤੀ ਕੁਇੰਟਲ ਕਰਨ ਦੀ ਕੀਤੀ ਮੰਗ

ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾਈ ਸਕੱਤਰ ਕਾਮਰੇਡ ਗੁਰਨੇਕ ਸਿੰਘ ਨੇ ਪ੍ਰੈਸ ਦੇ ਨਾਮ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗੰਨੇ ਦੇ ਭਾਅ ਵਿੱਚ ਮਹਿਜ਼ 15 ਰੁਪਏ ਪ੍ਰਤੀ ਕੁਇੰਟਲ ਦਾ ਮਾਮੂਲੀ ਵਾਧਾ ਕਰਕੇ ਕਿਸਾਨਾਂ ਨਾਲ ਕੋਝਾ ਮਜ਼ਾਕ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇੱਕ ਪਾਸੇ ਖੇਤੀ ਲਾਗਤਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ, ਦੂਜੇ ਪਾਸੇ ਸਰਕਾਰ ਕਿਸਾਨਾਂ ਨੂੰ ਨਿਗੂਣਾ ਵਾਧਾ ਦੇ ਕੇ ਆਪਣੀ ਪਿੱਠ ਥਪਥਪਾ ਰਹੀ ਹੈ। ਉਨ੍ਹਾਂ ਕਿਹਾ ਕਿ ਖਾਦਾਂ ਦੀਆਂ ਕੀਮਤਾਂ ਵਿੱਚ ਭਾਰੀ ਵਾਧਾ ਹੋਇਆ ਹੈ। ਐਨਪੀਕੇ ਖਾਦ ਦਾ ਥੈਲਾ ਲਗਭਗ 2200 ਰੁਪਏ ਤੱਕ ਪਹੁੰਚ ਗਿਆ ਹੈ। ਇਸੇ ਤਰ੍ਹਾਂ ਕੀਟਨਾਸ਼ਕ ਦਵਾਈਆਂ, ਡੀਜ਼ਲ ਅਤੇ ਪੈਟਰੋਲ ਦੀਆਂ ਕੀਮਤਾਂ ਵਿੱਚ ਵੀ ਵਾਧਾ ਹੋਇਆ ਹੈ। ਖੇਤੀਬਾੜੀ ਵਿੱਚ ਵਰਤੀ ਜਾਣ ਵਾਲੀ ਲੇਬਰ ਵੀ ਬਹੁਤ ਮਹਿੰਗੀ ਹੋ ਚੁੱਕੀ ਹੈ। ਕਿਸਾਨਾਂ ਨੂੰ ਗੰਨੇ ਦੀ ਫ਼ਸਲ ਪਾਲਣ ਲਈ ਪਹਿਲਾਂ ਨਾਲੋਂ ਕਿਤੇ ਵੱਧ ਖਰਚਾ ਕਰਨਾ ਪੈ ਰਿਹਾ ਹੈ। ਕਾਮਰੇਡ ਗੁਰਨੇਕ ਸਿੰਘ ਨੇ ਕਿਹਾ ਕਿ ਜਿੱਥੇ ਖੰਡ ਦੀਆਂ ਕੀਮਤਾਂ ਵਿੱਚ ਭਾਰੀ ਵਾਧਾ ਹੋਇਆ ਹੈ, ਉੱਥੇ ਗੰਨਾ ਉਤਪਾਦਕ ਕਿਸਾਨਾਂ ਨੂੰ ਉਨ੍ਹਾਂ ਦੀ ਫ਼ਸਲ ਦਾ ਵਾਜਬ ਮੁੱਲ ਨਹੀਂ ਦਿੱਤਾ ਜਾ ਰਿਹਾ। ਸਰਕਾਰ ਵੱਲੋਂ ਸਿਰਫ਼ 15 ਰੁਪਏ ਦਾ ਵਾਧਾ ਕਰਨਾ ਕਿਸਾਨਾਂ ਦੀਆਂ ਵਧਦੀਆਂ ਲਾਗਤਾਂ ਦੇ ਮੁਕਾਬਲੇ ਬਹੁਤ ਨਿਗੂਣਾ ਹੈ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਗੰਨੇ ਦਾ ਘੱਟੋ-ਘੱਟ ਭਾਅ 500 ਰੁਪਏ ਪ੍ਰਤੀ ਕੁਇੰਟਲ ਨਿਰਧਾਰਤ ਕੀਤਾ ਜਾਵੇ ਤਾਂ ਜੋ ਕਿਸਾਨਾਂ ਨੂੰ ਆਪਣੀ ਫ਼ਸਲ ਦਾ ਲਾਗਤਾਂ ਅਨੁਸਾਰ ਵਾਜਬ ਮੁੱਲ ਮਿਲ ਸਕੇ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਕਿਸਾਨਾਂ ਦੀਆਂ ਹੱਕੀ ਮੰਗਾਂ ਵੱਲ ਗੰਭੀਰਤਾ ਨਾਲ ਧਿਆਨ ਦੇ ਕੇ ਉਨ੍ਹਾਂ ਨੂੰ ਪੂਰਾ ਕੀਤਾ ਜਾਵੇ ਅਤੇ ਕਿਸਾਨਾਂ ਨਾਲ ਅਜਿਹਾ ਕੋਝਾ ਮਜ਼ਾਕ ਕਰਨਾ ਬੰਦ ਕੀਤਾ ਜਾਵੇ।

# ਛਿੰਝ ਮੇਲੇ ਦੌਰਾਨ ਆਯੋਜਿਤ ਟੂਰਨਾਮੈਂਟ 'ਚ ਕੁੜੀਆਂ ਦੀ ਕਬੱਡੀ ਹੈਬੋਵਾਲ ਸਕੂਲ ਨੇ ਜਿੱਤੀ

ਪੈ.ਗਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)

ਚਾਰ ਦਿਨ ਚੱਲਣ ਵਾਲੇ ਵਿਰਾਸਤੀ ਮੇਲਾ ਛਿੰਝ ਛਰਾਹਾਂ ਦੀ ਦੌਰਾਨ ਬੀਤ ਭਲਾਈ ਕਮੇਟੀ ਵਲੋਂ ਕਰਵਾਏ ਗਏ ਤਿੰਨ ਰੋਜ਼ਾ ਟੂਰਨਾਮੈਂਟ ਚ ਕਬੱਡੀ ਦੇ ਵੱਖ ਵੱਖ ਵਰਗਾਂ ਅਤੇ ਵਾਲੀਵਾਲ ਦੀਆਂ ਹਿਮਾਚਲ ਪ੍ਰਦੇਸ਼ ਅਤੇ ਪੰਜਾਬ ਦੀਆਂ ਟੀਮਾਂ ਨੇ ਹਿੱਸਾ ਲਿਆ।

ਖੇਡ ਮੇਲੇ ਦਾ ਉਦਘਾਟਨ ਬਾਬਾ ਭਾਗ ਸਿੰਘ ਮੁੱਖ ਸੇਵਾਦਾਰ ਛੱਪੜੀ ਧਾਮ ਵਲੋਂ ਕੀਤਾ ਗਿਆ। ਇਨਾਮਾਂ ਦੀ ਵੰਡ ਜੈ ਕ੍ਰਿਸ਼ਨ ਸਿੰਘ ਰੋੜੀ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਨੇ ਕੀਤੀ। ਕਬੱਡੀ ਆਲ ਓਪਨ 'ਚ ਹੈਬੋਵਾਲ ਟੱਬਾ ਪਹਿਲਾ ਸਥਾਨ ਅਤੇ ਭੋਲ਼ੀ ਆਸਟਰੇਲੀਆ ਦੀ ਟੀਮ ਦੂਜੇ ਨੰਬਰ 'ਤੇ ਰਹੀ। ਕਬੱਡੀ 52 ਕਿਲੋ 'ਚ ਆਲ ਓਪਨ 'ਚ ਜਰਨੈਲ ਹਰੀ ਸਿੰਘ ਨਲੂਆ ਸਪੋਰਟਸ ਕਲੱਬ ਕਲੋਤਾ ਪਹਿਲੇ



ਸਥਾਨ 'ਤੇ ਅਤੇ ਅਚਲਪੁਰ ਦੀ ਟੀਮ ਦੂਜੇ ਨੰਬਰ 'ਤੇ ਰਹੀ।

ਕਬੱਡੀ ਓਪਨ ਪਿੰਡ ਪੱਧਰ 'ਚ ਜਗਤਪੁਰ ਜੋਗੋਂ ਦੀ ਟੀਮ ਨੇ ਪਹਿਲਾ ਸਥਾਨ ਅਤੇ ਸੇਖਵਾਲ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਕਬੱਡੀ ਕੁੜੀਆਂ 'ਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹੈਬੋਵਾਲ ਨੇ ਪਹਿਲਾ ਅਤੇ ਸਰਕਾਰੀ ਹਾਈ ਸਕੂਲ ਗੜ੍ਹੀ ਮਾਨਸੋਵਾਲ ਨੇ ਦੂਜਾ ਸਥਾਨ ਹਾਸਿਲ ਕੀਤਾ।

ਵਾਲੀਬਾਲ ਚ ਬੀਣੇਵਾਲ ਏ ਪਹਿਲੇ ਸਥਾਨ 'ਤੇ ਅਤੇ ਬੀਣੇਵਾਲ ਬੀ ਦੂਜੇ ਸਥਾਨ 'ਤੇ ਰਹੀ। ਇਸ ਖੇਡ ਮੇਲੇ ਦੌਰਾਨ ਬੀਤ ਇਲਾਕੇ ਦੇ 37 ਪਿੰਡਾਂ ਤੋਂ ਇਲਾਵਾ ਦੂਣ, ਦੁਆਬਾ ਅਤੇ ਹਿਮਾਚਲ ਪ੍ਰਦੇਸ਼ ਤੋਂ ਵੱਡੀ ਗਿਣਤੀ ਵਿੱਚ ਦਰਸ਼ਕ ਹਾਜ਼ਰ ਰਹੇ ।ਇਸ ਮੌਕੇ ਕਾਂਗਰਸ ਦੇ ਹਲਕਾ ਇੰਚਾਰਜ ਅਮਰਪ੍ਰੀਤ ਸਿੰਘ ਲਾਲੀ, ਸ਼੍ਰੋਮਣੀ ਅਕਾਲੀ ਦਲ ਦੇ ਆਗੂ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਸਾਬਕਾ ਵਿਧਾਇਕ, ਅਜੈਬ ਸਿੰਘ ਬੋਪਾਰਾਏ ਆਲ ਇੰਡੀਆ ਜੱਟ ਮਹਾਂਸਭਾ, ਕੁਲਵਿੰਦਰ ਸਿੰਘ ਵਾਰਸ ਪੰਜਾਬ ਦੇ, ਅਵਤਾਰ ਸਿੰਘ ਡਾਂਡੀਆਂ, ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਦੇ ਮੁੱਖ ਪ੍ਰਬੰਧਕ ਬਾਬਾ ਕੇਵਲ ਸਿੰਘ, ਚਰਨ ਛੋਹ ਗੰਗਾ ਸ਼੍ਰੀ ਖੁਰਾਲਗੜ੍ਹ ਸਾਹਿਬ ਦੇ ਪ੍ਰਧਾਨ ਸੰਤ ਸੁਰਿੰਦਰ ਦਾਸ, ਸੰਦੀਪ ਰਾਣਾ, ਭਾਗ ਸਿੰਘ ਖੁਰਾਲਗੜ੍ਹ, ਸਰਪੰਚ ਹਰਜਿੰਦਰ ਮਜਾਰੀ, ਪ੍ਰਧਾਨ ਬਲਬੀਰ ਸਿੰਘ ਬੈਂਸ, ਜਨਰਲ ਸਕੱਤਰ ਸੋਨੀ ਦਿਆਲ, ਖਜਾਨਚੀ ਤੀਰਥ ਸਿੰਘ ਮਾਨ, ਕੁੰਮਣ ਸਿੰਘ, ਸੋਨੂੰ ਧੀਮਾਨ, ਸਤੀਸ਼ ਰਾਣਾ, ਪ੍ਰਦੀਪ ਰੰਗੀਲਾ, ਬਿੱਲਾ ਕੰਬਾਲਾ, ਸਰਪੰਚ ਬਲਵਿੰਦਰ ਸਿੰਘ ਬੋਪਾਰਾਏ, ਸਰਪੰਚ ਬਲਜਿੰਦਰ ਨੈਣਵਾ, ਅਲੋਕ ਰਾਣਾ ਸਮੇਤ ਇਲਾਕੇ ਦੇ ਸਰਪੰਚ, ਪੰਚ, ਨੰਬਰਦਾਰ ਅਤੇ ਲੋਕਾਂ ਦੀ ਭਰਵੀਂ ਹਾਜ਼ਰੀ ਰਹੀ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਅਮਰੀਕ ਦਿਆਲ ਨੇ ਬਾਖੂਬੀ ਨਿਭਾਈ।

# ਰੈਲਮਾਜਰਾ 'ਚ ਸਰਕਾਰੀ ਕਿੱਟਾਂ ਦੀ ਵੰਡ ਸ਼ੁਰੂ, 365 ਪਰਿਵਾਰਾਂ ਦੇ ਚਿਹਰਿਆਂ 'ਤੇ ਆਈ ਖੁਸ਼ੀ

ਪੈ.ਗਾਮ-ਏ-ਜਗਤ
ਨਵਾਂਸ਼ਹਿਰ/ਕਾਠਗੜ੍ਹ, 26 ਨਵੰਬਰ
(ਜਤਿੰਦਰਪਾਲ ਸਿੰਘ ਕਲੇਰ)

ਕਾਠਗੜ੍ਹ ਦੇ ਨੇੜਲੇ ਪਿੰਡ ਰੈਲਮਾਜਰਾ ਵਿਖੇ ਸਰਕਾਰ ਵੱਲੋਂ ਭੇਜੀਆਂ ਗਈਆਂ ਕਿੱਟਾਂ ਦੀ ਵੰਡ ਦਾ ਕੰਮ ਸ਼ਾਨਦਾਰ ਢੰਗ ਨਾਲ ਸ਼ੁਰੂ ਕਰ ਦਿੱਤਾ ਗਿਆ ਹੈ। ਵੰਡ ਦੇ ਪਹਿਲੇ ਦਿਨ ਹੀ ਪਿੰਡ ਵਿੱਚ ਖੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ, ਜਦੋਂ ਲਾਭਪਾਤਰੀ ਆਪਣੀਆਂ ਕਿੱਟਾਂ ਲੈਣ ਲਈ ਡੀਪੂ 'ਤੇ ਪਹੁੰਚੇ। ਇਸ ਮੌਕੇ ਡੀਪੂ ਹੋਲਡਰ ਪ੍ਰਦੀਪ ਕੁਮਾਰ ਸ਼ਰਮਾ ਨੇ ਸਰਪੰਚ ਸਿਕੰਦਰ ਸਿੰਘ ਲਾਂਦੀ ਰੈਲਮਾਜਰਾ ਅਤੇ ਮੈਂਬਰ ਪੰਚਾਇਤ ਨੇਤਰ ਕੁਮਾਰ ਦੀ ਅਗਵਾਈ ਵਿੱਚ ਕਿੱਟਾਂ ਦੀ ਵੰਡ ਸ਼ੁਰੂ ਕੀਤੀ।

**365 ਕਿੱਟਾਂ, 365 ਕਾਰਡਾਂ 'ਤੇ ਪਾਰਦਰਸ਼ੀ ਵੰਡ**



ਪਿੰਡ ਲਈ ਕੁੱਲ 365 ਕਿੱਟਾਂ ਆਈਆਂ ਹਨ ਅਤੇ 365 ਕਾਰਡਾਂ 'ਤੇ ਇਹ ਵੰਡ ਕੀਤੀ ਜਾ ਰਹੀ ਹੈ। ਪੰਚਾਇਤ ਵੱਲੋਂ ਇਹ ਯਕੀਨੀ ਬਣਾਇਆ ਗਿਆ ਹੈ ਕਿ ਵੰਡ ਪੂਰੀ ਤਰ੍ਹਾਂ ਪਾਰਦਰਸ਼ੀ ਢੰਗ ਨਾਲ ਹੋਵੇ ਅਤੇ ਕੋਈ ਵੀ ਯੋਗ ਲਾਭਪਾਤਰੀ ਇਸ ਸਹੂਲਤ ਤੋਂ ਵਾਂਝਾ ਨਾ ਰਹੇ। ਹਰ ਕਾਰਡ ਧਾਰਕ ਨੂੰ ਨਿਯਮਾਂ ਅਨੁਸਾਰ ਕਿੱਟ ਦਿੱਤੀ ਜਾ ਰਹੀ ਹੈ, ਤਾਂ ਜੋ ਸਰਕਾਰ ਦੀ ਇਹ ਸਕੀਮ ਜ਼ਮੀਨੀ ਪੱਧਰ 'ਤੇ ਹਰ ਲੋੜਵੰਦ ਪਰਿਵਾਰ ਤੱਕ ਪਹੁੰਚ ਸਕੇ।

**ਸਰਪੰਚ ਅਤੇ ਪੰਚਾਇਤ ਦੀ ਅਗਵਾਈ 'ਚ ਸੁਚੱਜਾ ਪ੍ਰਬੰਧ**

ਵੰਡ ਦੌਰਾਨ ਸਰਪੰਚ ਸਿਕੰਦਰ ਸਿੰਘ ਲਾਂਦੀ ਰੈਲਮਾਜਰਾ ਅਤੇ ਪੰਚ ਨੇਤਰ ਕੁਮਾਰ ਖੁਦ ਮੌਕੇ 'ਤੇ ਹਾਜ਼ਰ ਰਹੇ ਅਤੇ ਲੋਕਾਂ ਦੀ ਸਹੂਲਤ ਲਈ ਪ੍ਰਬੰਧਾਂ ਦੀ ਦੇਖ-ਰੇਖ ਕਰਦੇ ਰਹੇ। ਡੀਪੂ ਹੋਲਡਰ ਪ੍ਰਦੀਪ ਕੁਮਾਰ ਸ਼ਰਮਾ ਵੱਲੋਂ ਵੀ ਲੋਕਾਂ ਨੂੰ ਬਿਨਾਂ ਕਿਸੇ ਪ੍ਰੇਸ਼ਾਨੀ ਦੇ ਕਿੱਟਾਂ ਵੰਡੀਆਂ ਗਈਆਂ। ਲੋਕਾਂ ਨੇ ਪੰਚਾਇਤ ਅਤੇ ਡੀਪੂ ਪ੍ਰਬੰਧਨ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਪਿੰਡ ਵਾਸੀਆਂ 'ਚ ਉਤਸ਼ਾਹ, ਹਾਜ਼ਰ ਰਹੀਆਂ ਪ੍ਰਮੁੱਖ ਸ਼ਖਸੀਅਤਾਂ ਇਸ ਮੌਕੇ 'ਤੇ ਸਰਪੰਚ ਸਿਕੰਦਰ ਸਿੰਘ ਲਾਂਦੀ ਰੈਲਮਾਜਰਾ , ਪੰਚ ਨੇਤਰ ਕੁਮਾਰ, ਬੀਰਾ ਚੌਧਰੀ , ਜੀਤ ਰਾਮ, ਨਰਿੰਦਰ ਕੁਮਾਰ ਉਰਫ ਬਿੱਟੂ, ਨਿਤਨ ਰਾਣਾ ਅਤੇ ਹੋਰ ਲੋਕ ਮੌਜੂਦ ਸਨ। ਪਿੰਡ ਵਾਸੀਆਂ ਨੇ ਕਿਹਾ ਕਿ ਸਰਕਾਰ ਵੱਲੋਂ ਮਿਲ ਰਹੀਆਂ ਇਹ ਕਿੱਟਾਂ ਗਰੀਬ ਅਤੇ ਲੋੜਵੰਦ ਪਰਿਵਾਰਾਂ ਲਈ ਵੱਡੀ ਰਾਹਤ ਸਾਬਤ ਹੋਣਗੀਆਂ।

# ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਨੇ ਸੰਵਿਧਾਨ ਦਿਵਸ 'ਤੇ ਪ੍ਰਸਤਾਵਨਾ ਦੇ ਸਮੂਹਿਕ ਤੌਰ 'ਤੇ ਪੜ੍ਹਨ ਦੀ ਅਗਵਾਈ ਕੀਤੀ

ਪੈ.ਗਾਮ-ਏ-ਜਗਤ
ਚੰਡੀਗੜ੍ਹ, 26 ਨਵੰਬਰ,
(ਹਰਮਿੰਦਰ ਸਿੰਘ ਨਾਗਪਾਲ)

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਚੰਡੀਗੜ੍ਹ ਦੇ ਸੈਕਟਰ 9 ਸਥਿਤ ਯੂ.ਟੀ. ਸਕੱਤਰੇਤ ਦੇ ਮਲਟੀਪਰਪਜ਼

- ਸੰਵਿਧਾਨਕ ਕਦਰਾਂ-ਕੀਮਤਾਂ ਪ੍ਰਤੀ ਪ੍ਰਤੀਬੱਧਤਾ ਦੁਹਰਾਈ

ਹਾਲ ਵਿੱਚ ਸੰਵਿਧਾਨ ਦਿਵਸ ਦੇ ਅਵਸਰ 'ਤੇ ਭਾਰਤ ਦੇ ਸੰਵਿਧਾਨ ਦੀ ਪ੍ਰਸਤਾਵਨਾ ਸਮੂਹਿਕ ਤੌਰ 'ਤੇ ਪੜ੍ਹਨ ਦੀ ਅਗਵਾਈ ਕੀਤੀ। ਇਸ ਅਵਸਰ 'ਤੇ ਮੁੱਖ ਸਕੱਤਰ ਸ਼੍ਰੀ ਐੱਚ. ਰਾਜੇਸ਼ ਪ੍ਰਸਾਦ; ਪੰਜਾਬ ਦੇ ਰਾਜਪਾਲ ਦੇ ਐਡੀਸ਼ਨਲ ਮੁੱਖ ਸਕੱਤਰ ਸ਼੍ਰੀ ਵਿਵੇਕ ਪ੍ਰਤਾਪ ਸਿੰਘ; ਗ੍ਰਹਿ ਸਕੱਤਰ ਸ਼੍ਰੀ ਮਨਦੀਪ ਸਿੰਘ ਬਰਾੜ; ਵਿੱਤ ਸਕੱਤਰ ਸ਼੍ਰੀ ਦੀਪਰਵਾ ਲਾਕੜਾ; ਡਿਪਟੀ ਕਮਿਸ਼ਨਰ ਸ਼੍ਰੀ ਨਿਸ਼ਾਂਤ ਕੁਮਾਰ ਯਾਦਵ; ਪ੍ਰਸ਼ਾਸਨਿਕ ਸਕੱਤਰ, ਵਿਭਾਗਾਂ ਦੇ ਮੁਖੀ ਅਤੇ ਚੰਡੀਗੜ੍ਹ



ਪ੍ਰਸ਼ਾਸਨ ਦੇ ਹੋਰ ਸੀਨੀਅਰ ਅਧਿਕਾਰੀ ਅਤੇ ਕਰਮਚਾਰੀ ਉਪਸਥਿਤ ਰਹੇ।

ਸਾਰੇ ਹਾਜ਼ਰ ਲੋਕਾਂ ਨੇ ਪ੍ਰਸ਼ਾਸਕ ਨਾਲ ਸੰਵਿਧਾਨ ਦੀ ਪ੍ਰਸਤਾਵਨਾ ਪੜ੍ਹੀ ਅਤੇ ਸੰਵਿਧਾਨਿਕ ਕਦਰਾਂ-ਕੀਮਤਾਂ, ਵਿਅਕਤੀ ਦੀ ਗਰਿਮਾ ਅਤੇ ਰਾਸ਼ਟਰ ਦੀ ਏਕਤਾ ਅਤੇ ਅਖੰਡਤਾ ਨੂੰ ਬਣਾਈ ਰੱਖਣ ਪ੍ਰਤੀ ਆਪਣੀ ਪ੍ਰਤੀਬੱਧਤਾ ਦੁਹਰਾਈ। ਇਸ ਅਵਸਰ 'ਤੇ ਪ੍ਰਸ਼ਾਸਕ ਨੇ ਕਿਹਾ ਕਿ ਸੰਵਿਧਾਨ ਦਿਵਸ ਸਾਨੂੰ ਸੰਵਿਧਾਨ ਦੇ ਨਿਰਮਾਤਾਵਾਂ ਦੀ ਦੂਰਦ੍ਰਿਸ਼ਟੀ ਅਤੇ ਯੋਗਦਾਨ ਦਾ ਸਨਮਾਨ ਕਰਨ ਦਾ ਅਵਸਰ ਪ੍ਰਦਾਨ ਕਰਦਾ ਹੈ। ਉਨ੍ਹਾਂ ਨੇ ਕਿਹਾ ਕਿ ਉਨ੍ਹਾਂ ਦੇ ਆਦਰਸ਼ ਅੱਜ ਵੀ ਰਾਸ਼ਟਰ ਦੀ ਪ੍ਰਗਤੀ ਦਾ ਮਾਰਗਦਰਸ਼ਨ ਕਰਦੇ ਹਨ ਅਤੇ ਹਰੇਕ ਨਾਗਰਿਕ ਨੂੰ ਵਿਕਸਿਤ ਭਾਰਤ ਦੇ ਨਿਰਮਾਣ ਵਿੱਚ ਯੋਗਦਾਨ ਦੇਣ ਦੀ ਪ੍ਰੇਰਣਾ ਦਿੰਦੇ ਹਨ। ਕਟਾਰੀਆ ਨੇ ਕਿਹਾ ਕਿ ਸੰਵਿਧਾਨ ਮਾਨਵੀ ਗਰਿਮਾ ਦੀ ਰੱਖਿਆ ਕਰਦਾ ਹੈ ਅਤੇ ਨਾਗਰਿਕਾਂ ਦੇ ਦਰਮਿਆਨ ਭਾਈਚਾਰੇ ਨੂੰ ਹੁਲਾਰਾ ਦਿੰਦੇ ਹੋਏ ਨਿਆਂ, ਸੁਤੰਤਰਤਾ ਅਤੇ ਸਮਾਨਤਾ ਦੀ ਗਰੰਟੀ ਦਿੰਦਾ ਹੈ। ਉਨ੍ਹਾਂ ਨੇ ਰੇਖਾਂਕਿਤ ਕੀਤਾ ਕਿ ਮੌਲਿਕ ਅਧਿਕਾਰਾਂ ਨਾਲ ਮੌਲਿਕ ਕਰਤੱਵ ਵੀ ਜੁੜੇ ਹਨ। ਉਨ੍ਹਾਂ ਨੇ ਸਾਰਿਆਂ ਨੂੰ ਸੰਵਿਧਾਨਕ ਸਿਧਾਂਤਾਂ ਦਾ ਸਨਮਾਨ ਕਰਦੇ ਹੋਏ ਆਪਣੀਆਂ ਜ਼ਿੰਮੇਵਾਰੀਆਂ ਨੂੰ ਨਿਸ਼ਠਾ ਨਾਲ ਨਿਭਾਉਣ ਦਾ ਸੱਦਾ ਦਿੱਤਾ।

ਪ੍ਰਸ਼ਾਸਕ ਨੇ ਅੱਗੇ ਕਿਹਾ ਕਿ ਸੰਵਿਧਾਨਕ ਆਦਰਸ਼ਾਂ ਨੂੰ ਨਿਰਪੱਖ, ਪਾਰਦਰਸ਼ੀ ਅਤੇ ਉੱਤਰਦਾਈ ਸ਼ਾਸਨ ਦੇ ਰੂਪ ਵਿੱਚ ਸਾਕਾਰ ਕਰਨਾ ਲੋਕ ਸੇਵਕਾਂ ਦੀ ਵਿਸ਼ੇਸ਼ ਜ਼ਿੰਮੇਦਾਰੀ ਹੈ। ਉਨ੍ਹਾਂ ਨੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਆਪਣੇ ਰੋਜ਼ਾਨਾ ਦੇ ਕਾਰਜਾਂ ਵਿੱਚ ਇਨ੍ਹਾਂ ਕਦਰਾਂ-ਕੀਮਤਾਂ ਦਾ ਪਾਲਨ ਕਰਨ ਅਤੇ ਹਰੇਕ ਨਾਗਰਿਕ ਦੀ ਸੰਵੇਦਨਸ਼ੀਲਤਾ ਅਤੇ ਨਿਰਪੱਖਤਾ ਨਾਲ ਸੇਵਾ ਕਰਨ ਦਾ ਸੱਦਾ ਦਿੱਤਾ। ਸੰਵਿਧਾਨ ਦਿਵਸ ਦ

# ਸੰਵਿਧਾਨ ਦੀ ਆਨ-ਬਾਨ ਅਤੇ ਜਨਤਾ ਦੇ ਅਧਿਕਾਰਾਂ ਦੀ ਰੱਖਿਆ ਲਈ ਪੰਚਕੂਲਾ ਵੱਲ ਕੂਚ ਕੀਤਾ ਕਰਨਾਲ ਕਾਂਗਰਸ ਨੇ

**ਪੈ.ਗਾਮ-ਏ-ਜਗਤ/ਕਰਨਾਲ**
**26 ਨਵੰਬਰ (ਪ੍ਰਵੀਨ ਵਾਲੀਆ)**

- **ਪਰਾਗ ਗਾਬਾ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਕਾਂਗਰਸੀ**



ਸੰਵਿਧਾਨ ਦੀ ਗਰਿਮਾ ਨਾਲ ਕੋਈ ਸਮਝੌਤਾ ਨਹੀਂ, ਲੋਕਤੰਤਰ ਦੇ ਅਧਿਕਾਰਾਂ 'ਤੇ ਕੋਈ ਆਂਚ ਨਹੀਂ ਅਤੇ ਜਨਤਾ ਦੀ ਆਵਾਜ਼ ਨੂੰ ਦਬਣ ਨਹੀਂ ਦਿੱਤਾ ਜਾਵੇਗਾ।

ਇਸੇ ਬੁਲੰਦ ਸੰਕਲਪ ਦੇ ਨਾਲ 26 ਨਵੰਬਰ ਨੂੰ ਪੰਚਕੂਲਾ ਵਿੱਚ ਆਯੋਜਿਤ ਸੰਵਿਧਾਨ ਰੱਖਿਆ ਮਾਰਚ ਵਿੱਚ ਕਰਨਾਲ ਕਾਂਗਰਸ ਨੇ ਪੂਰੀ ਏਕਜੁੱਟਤਾ ਅਤੇ ਜੋਸ਼ ਨਾਲ ਆਪਣੀ ਭਾਗੀਦਾਰੀ ਦਰਜ ਕਰਵਾਈ। ਸ਼ਹਿਰੀ ਜ਼ਿਲ੍ਹਾ ਕਾਂਗਰਸ ਕਮੇਟੀ, ਕਰਨਾਲ ਦੇ ਜ਼ਿਲ੍ਹਾ ਪ੍ਰਧਾਨ ਪਰਾਗ ਗਾਬਾ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਕਾਂਗਰਸ ਕਮੇਟੀ (ਸ਼ਹਿਰੀ) ਦੀ ਪੂਰੀ ਟੀਮ, ਅਹੁਦੇਦਾਰ, ਵਰਕਰ ਅਤੇ ਵੱਖ-ਵੱਖ ਸੈੱਲਾਂ ਦੇ ਨੁਮਾਇੰਦੇ ਸੈਂਕੜਿਆਂ ਦੀ ਗਿਣਤੀ ਵਿੱਚ ਇਕੱਠੇ ਹੋਏ।

ਸਾਰੇ ਕਾਂਗਰਸੀਆਂ ਨੇ ਕਰਨਾਲ ਦੇ ਅੰਬੇਡਕਰ ਚੌਕ 'ਤੇ ਪਹੁੰਚ ਕੇ ਬਾਬਾ ਸਾਹਿਬ ਡਾ. ਭੀਮਰਾਓ ਅੰਬੇਡਕਰ ਦੀ ਮੂਰਤੀ 'ਤੇ ਫੁੱਲ ਭੇਟ ਕੀਤੇ ਅਤੇ ਉਨ੍ਹਾਂ ਦੇ ਚਰਨਾਂ ਵਿੱਚ ਨਮਨ ਕਰਕੇ ਸੰਵਿਧਾਨ ਪ੍ਰਤੀ ਆਪਣੀ ਸ਼ਰਧਾ ਅਤੇ ਸਤਿਕਾਰ ਪ੍ਰਗਟ ਕੀਤਾ। ਇਸ ਤੋਂ ਬਾਅਦ ਜ਼ਿਲ੍ਹਾ ਪ੍ਰਧਾਨ ਪਰਾਗ ਗਾਬਾ ਆਪਣੇ ਸੈਂਕੜੇ ਸਾਥੀਆਂ ਨਾਲ ਜ਼ਿਲ੍ਹਾ ਕਾਂਗਰਸ ਕਮੇਟੀ (ਸ਼ਹਿਰੀ) ਦਫ਼ਤਰ ਤੋਂ ਇਕੱਜੁੱਟ ਹੋ ਕੇ ਪੰਚਕੂਲਾ ਲਈ ਰਵਾਨਾ ਹੋਏ ਅਤੇ ਮਹਾਰਾਣਾ ਪ੍ਰਤਾਪ ਭਵਨ, ਸੈਕਟਰ-26 ਵਿੱਚ ਆਯੋਜਿਤ ਸੰਵਿਧਾਨ ਰੱਖਿਆ ਮਾਰਚ ਵਿੱਚ ਸ਼ਾਮਲ ਹੋਏ।

ਇਸ ਮੌਕੇ 'ਤੇ ਜ਼ਿਲ੍ਹਾ ਪ੍ਰਧਾਨ ਪਰਾਗ ਗਾਬਾ ਨੇ ਕਿਹਾ ਕਿ ਸੰਵਿਧਾਨ ਦੇਸ਼ ਦੀ ਆਤਮਾ ਹੈ ਅਤੇ ਲੋਕਤੰਤਰ ਦੀ ਸਭ ਤੋਂ ਵੱਡੀ ਤਾਕਤ ਹੈ। ਇਸੇ ਸੰਵਿਧਾਨ ਨੇ ਗਰੀਬ ਨੂੰ ਨਿਆਂ ਮੰਗਣ ਦਾ ਅਧਿਕਾਰ, ਮਜ਼ਦੂਰ ਨੂੰ ਸਨਮਾਨ, ਕਿਸਾਨ ਨੂੰ ਆਪਣੀ ਆਵਾਜ਼ ਚੁੱਕਣ ਦੀ ਤਾਕਤ ਅਤੇ ਹਰ ਨਾਗਰਿਕ ਨੂੰ ਸਮਾਨਤਾ ਦਾ ਅਧਿਕਾਰ ਦਿੱਤਾ ਹੈ। ਬਾਬਾ ਸਾਹਿਬ ਡਾ. ਭੀਮਰਾਓ ਅੰਬੇਡਕਰ ਵੱਲੋਂ ਦਿੱਤੇ ਗਏ ਇਸ ਸੰਵਿਧਾਨ ਨੇ ਹਰ ਭਾਰਤੀ ਨੂੰ ਬਿਨਾਂ ਕਿਸੇ ਵਿਤਕਰੇ ਦੇ ਸਨਮਾਨ ਅਤੇ ਅਧਿਕਾਰਾਂ ਨਾਲ ਜਿਉਣ ਦਾ ਰਸਤਾ ਦਿਖਾਇਆ ਹੈ।

ਉਨ੍ਹਾਂ ਨੇ ਜੋਸ਼ ਨਾਲ ਕਿਹਾ ਕਿ ਸੰਵਿਧਾਨ ਰੱਖਿਆ ਮਾਰਚ ਸਿਰਫ਼ ਇੱਕ ਪ੍ਰੋਗਰਾਮ ਨਹੀਂ, ਸਗੋਂ ਸੰਵਿਧਾਨ ਦੇ ਸਨਮਾਨ ਅਤੇ ਜਨਤਾ ਦੇ ਅਧਿਕਾਰਾਂ ਦੀ ਰੱਖਿਆ ਦਾ ਸੰਕਲਪ ਹੈ। ਅੱਜ ਲੋੜ ਹੈ ਕਿ ਹਰ ਨਾਗਰਿਕ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਹੋਵੇ ਅਤੇ ਲੋਕਤੰਤਰ ਨੂੰ ਮਜ਼ਬੂਤ ਬਣਾਉਣ ਲਈ ਅੱਗੇ ਆਵੇ। ਸਾਡੀ ਆਵਾਜ਼ ਕਿਸੇ ਦੇ ਖਿਲਾਫ਼ ਨਹੀਂ, ਸਗੋਂ ਸੰਵਿਧਾਨ ਵਿੱਚ ਦਿੱਤੇ ਗਏ ਨਿਆਂ, ਸਮਾਨਤਾ, ਸੁਤੰਤਰਤਾ ਅਤੇ ਭਾਈਚਾਰੇ ਦੇ ਹੱਕ ਵਿੱਚ ਹੈ। ਕਾਂਗਰਸ ਪਾਰਟੀ ਹਮੇਸ਼ਾ ਇਨ੍ਹਾਂ ਕਦਰਾਂ-ਕੀਮਤਾਂ ਦੇ ਨਾਲ ਖੜ੍ਹੀ ਰਹੀ ਹੈ ਅਤੇ ਅੱਗੇ ਵੀ ਪੂਰੀ ਮਜ਼ਬੂਤੀ ਨਾਲ ਖੜ੍ਹੀ ਰਹੇਗੀ।

ਪਰਾਗ ਗਾਬਾ ਨੇ ਕਿਹਾ ਕਿ ਕਰਨਾਲ ਤੋਂ ਕਾਂਗਰਸ ਦੀ ਪੂਰੀ ਟੀਮ ਅਤੇ ਵੱਡੀ ਗਿਣਤੀ ਵਿੱਚ ਵਰਕਰ ਇਕੱਜੁੱਟ ਹੋ ਕੇ ਪੰਚਕੂਲਾ ਪਹੁੰਚੇ। ਇਹ ਭਾਗੀਦਾਰੀ ਸਾਡੀ ਜਥੇਬੰਦਕ ਏਕਤਾ ਅਤੇ ਸੰਵਿਧਾਨ ਪ੍ਰਤੀ ਵਚਨਬੱਧਤਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਸੰਵਿਧਾਨ ਨੇ ਸਾਨੂੰ ਅਧਿਕਾਰ ਦਿੱਤੇ ਹਨ, ਤਾਂ ਉਨ੍ਹਾਂ ਅਧਿਕਾਰਾਂ ਦੀ ਰੱਖਿਆ ਕਰਨਾ ਵੀ ਸਾਡਾ ਫਰਜ਼ ਹੈ। ਅਸੀਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਅਜਿਹਾ ਦੇਸ਼ ਦੇਣਾ ਚਾਹੁੰਦੇ ਹਾਂ, ਜਿੱਥੇ ਹਰ ਨਾਗਰਿਕ ਨੂੰ ਬਰਾਬਰੀ ਦਾ ਸਨਮਾਨ ਮਿਲੇ, ਹਰ ਆਵਾਜ਼ ਸੁਣੀ ਜਾਵੇ ਅਤੇ ਲੋਕਤੰਤਰ ਦੀ ਤਾਕਤ ਬਣੀ ਰਹੇ।

ਪਰਾਗ ਗਾਬਾ ਨੇ ਦ੍ਰਿੜ੍ਹ ਸੰਕਲਪ ਨਾਲ ਕਿਹਾ ਕਿ ਸੰਵਿਧਾਨ ਦੀ ਰੱਖਿਆ ਲਈ ਕਾਂਗਰਸ ਦਾ ਹਰ ਵਰਕਰ ਪੂਰੀ ਤਾਕਤ ਨਾਲ ਆਵਾਜ਼ ਚੁੱਕੇਗਾ। ਨਾ ਅਸੀਂ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕਤਾ ਦੀ ਆਵਾਜ਼ ਕਮਜ਼ੋਰ ਪੈਣ ਦੇਵਾਂਗੇ ਅਤੇ ਨਾ ਹੀ ਸੰਵਿਧਾਨ ਦੇ ਸਨਮਾਨ ਨਾਲ ਕੋਈ ਸਮਝੌਤਾ ਕਰਾਂਗੇ। 26 ਨਵੰਬਰ ਨੂੰ ਕਰਨਾਲ ਕਾਂਗਰਸ ਦੀ ਏਕਜੁੱਟਤਾ ਅਤੇ ਭਾਗੀਦਾਰੀ ਨਾਲ ਪੰਚਕੂਲਾ ਵਿੱਚ ਇਹੀ ਸੁਨੇਹਾ ਗੂੰਜਿਆ—ਸੰਵਿਧਾਨ ਦਾ ਸਨਮਾਨ, ਲੋਕਤੰਤਰ ਦੀ ਮਜ਼ਬੂਤੀ ਅਤੇ ਹਰ ਨਾਗਰਿਕ ਦੇ ਅਧਿਕਾਰਾਂ ਦੀ ਸੁਰੱਖਿਆ ਸਾਡਾ ਸੰਕਲਪ ਹੈ।

# ਨਗਰ ਨਿਗਮ ਕਰਨਾਲ ਵਿੱਚ ਮਨਾਇਆ ਗਿਆ ਸੰਵਿਧਾਨ ਦਿਵਸ

**ਪੈ.ਗਾਮ-ਏ-ਜਗਤ/ਕਰਨਾਲ**
**26 ਨਵੰਬਰ (ਪ੍ਰਵੀਨ ਵਾਲੀਆ)**

- **ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਸੰਵਿਧਾਨ ਦੀ ਪ੍ਰਸਤਾਵਨਾ ਦਾ ਕੀਤਾ ਪਾਠ: ਅਸ਼ੋਕ ਕੁਮਾਰ, ਵਧੀਕ ਨਿਗਮ ਕਮਿਸ਼ਨਰ**



ਨਗਰ ਨਿਗਮ ਕਰਨਾਲ ਦੇ ਸਭਾ ਹਾਲ ਵਿੱਚ ਵੀਰਵਾਰ ਨੂੰ ਸੰਵਿਧਾਨ ਦਿਵਸ ਦੇ ਮੌਕੇ 'ਤੇ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਪ੍ਰਧਾਨਗੀ ਵਧੀਕ ਨਿਗਮ ਕਮਿਸ਼ਨਰ ਅਸ਼ੋਕ ਕੁਮਾਰ ਨੇ ਕੀਤੀ। ਇਸ ਮੌਕੇ ਨਿਗਮ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਇਕੱਠੇ ਹੋ ਕੇ ਭਾਰਤੀ ਸੰਵਿਧਾਨ ਦੀ ਪ੍ਰਸਤਾਵਨਾ ਦਾ ਸਮੂਹਿਕ ਪਾਠ ਕੀਤਾ ਅਤੇ ਸੰਵਿਧਾਨ ਵਿੱਚ ਦਰਜ ਮੂਲ ਆਦਰਸ਼ਾਂ, ਕਦਰਾਂ-ਕੀਮਤਾਂ ਅਤੇ ਨਾਗਰਿਕ ਕਰਤੱਵਾਂ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ।

**ਸੰਵਿਧਾਨ ਦੀ ਪ੍ਰਸਤਾਵਨਾ ਦੇ ਮੂਲ ਸੁਨੇਹੇ ਦਾ ਕੀਤਾ ਪਾਠ**

ਪ੍ਰੋਗਰਾਮ ਦੌਰਾਨ ਸੰਵਿਧਾਨ ਦੀ ਪ੍ਰਸਤਾਵਨਾ ਦਾ ਪਾਠ ਕਰਦਿਆਂ ਸਾਰੇ ਹਾਜ਼ਰ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਭਾਰਤ ਨੂੰ ਇੱਕ ਸੰਪੂਰਨ ਪ੍ਰਭੂਸੱਤਾ-ਸੰਪੰਨ, ਸਮਾਜਵਾਦੀ, ਧਰਮ-ਨਿਰਪੱਖ, ਲੋਕਤੰਤਰੀ ਗਣਰਾਜ ਬਣਾਉਣ ਅਤੇ ਸਾਰੇ ਨਾਗਰਿਕਾਂ ਨੂੰ ਨਿਆਂ, ਸੁਤੰਤਰਤਾ, ਸਮਾਨਤਾ ਅਤੇ ਭਾਈਚਾਰਾ ਯਕੀਨੀ ਬਣਾਉਣ ਦੇ ਸੰਵਿਧਾਨ ਦੇ ਸੰਕਲਪ ਨੂੰ ਦੁਹਰਾਇਆ। ਪ੍ਰਸਤਾਵਨਾ ਵਿੱਚ ਜ਼ਿਕਰ ਕੀਤੇ ਸਮਾਜਿਕ, ਆਰਥਿਕ ਅਤੇ ਰਾਜਨੀਤਿਕ ਨਿਆਂ, ਵਿਚਾਰ, ਪ੍ਰਗਟਾਵੇ, ਵਿਸ਼ਵਾਸ, ਧਰਮ ਅਤੇ ਉਪਾਸਨਾ ਦੀ ਸੁਤੰਤਰਤਾ, ਮਾਣ ਅਤੇ ਮੌਕੇ ਦੀ ਸਮਾਨਤਾ ਅਤੇ ਵਿਅਕਤੀ ਦੇ ਮਾਣ ਅਤੇ ਰਾਸ਼ਟਰ ਦੀ ਏਕਤਾ ਅਤੇ ਅਖੰਡਤਾ ਨੂੰ ਯਕੀਨੀ ਬਣਾਉਣ ਵਾਲੇ ਭਾਈਚਾਰੇ ਵਰਗੇ ਮੂਲ ਆਦਰਸ਼ਾਂ ਨੂੰ ਜੀਵਨ ਅਤੇ ਕੰਮ-ਵਿਹਾਰ ਵਿੱਚ ਅਪਣਾਉਣ ਦਾ ਪ੍ਰਣ ਲਿਆ।

**ਜਨ ਸੇਵਾ ਨੂੰ ਸਭ ਤੋਂ ਉੱਚੀ ਤਰਜੀਹ ਦੇਣ ਦਾ ਲਿਆ ਸੰਕਲਪ**

ਇਸ ਮੌਕੇ ਹਾਜ਼ਰ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਸੰਵਿਧਾਨ ਦੀ ਭਾਵਨਾ ਅਨੁਸਾਰ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ, ਹਰ ਨਾਗਰਿਕ ਨਾਲ ਸਮਾਨਤਾ ਅਤੇ ਸਤਿਕਾਰ ਦਾ ਵਿਵਹਾਰ ਕਰਨ ਅਤੇ ਜਨ ਹਿੱਤ ਨੂੰ ਸਭ ਤੋਂ ਉੱਪਰ ਰੱਖਣ ਦਾ ਸੰਕਲਪ ਲਿਆ। ਉਨ੍ਹਾਂ ਕਿਹਾ ਕਿ ਸਰਕਾਰੀ ਸੇਵਾਵਾਂ ਅਤੇ ਜਨ ਭਲਾਈ ਸਕੀਮਾਂ ਦਾ ਲਾਭ ਯੋਗ ਨਾਗਰਿਕਾਂ ਤੱਕ ਬਿਨਾਂ ਕਿਸੇ ਬੇਲੋੜੀ ਦੇਰੀ, ਪਾਰਦਰਸ਼ੀ ਅਤੇ ਨਿਰਪੱਖ ਤਰੀਕੇ ਨਾਲ ਪਹੁੰਚਾਉਣਾ ਪ੍ਰਸ਼ਾਸਨ ਦੀ ਮੁੱਢਲੀ ਜ਼ਿੰਮੇਵਾਰੀ ਹੈ।

ਇਸ ਗੱਲ 'ਤੇ ਵੀ ਜ਼ੋਰ ਦਿੱਤਾ ਗਿਆ ਕਿ ਸੰਵਿਧਾਨ ਦੀਆਂ ਕਦਰਾਂ-ਕੀਮਤਾਂ ਨੂੰ ਸਿਰਫ਼ ਰਸਮੀ ਤੌਰ 'ਤੇ ਯਾਦ ਕਰਨ ਤੱਕ ਸੀਮਤ ਨਾ ਰੱਖਿਆ ਜਾਵੇ, ਸਗੋਂ ਉਨ੍ਹਾਂ ਨੂੰ ਰੋਜ਼ਾਨਾ ਕਾਰਜ ਪ੍ਰਣਾਲੀ ਵਿੱਚ ਅਪਣਾਉਂਦਿਆਂ ਇਮਾਨਦਾਰੀ, ਜਵਾਬਦੇਹੀ, ਸੰਵੇਦਨਸ਼ੀਲਤਾ ਅਤੇ ਸੇਵਾ ਭਾਵ ਨਾਲ ਕੰਮ ਕੀਤਾ ਜਾਵੇ।

**ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਸੰਵਿਧਾਨ ਪ੍ਰਤੀ ਜਤਾਈ ਵਚਨਬੱਧਤਾ**

ਪ੍ਰੋਗਰਾਮ ਵਿੱਚ ਉਪ ਰਜਿਸਟਰਾਰ ਡਾ. ਰਮੇਸ਼ ਸ਼ਰਮਾ, ਸੈਕਸ਼ਨ ਅਫਸਰ ਹਰੀਸ਼ ਕੁਮਾਰ, ਸੁਪਰਡੈਂਟ ਸੰਤੋਸ਼ ਕੁਮਾਰੀ, ਸਫਾਈ ਅਧਿਕਾਰੀ ਮਹਾਵੀਰ ਸੋਢੀ, ਸਕੱਤਰ ਰਾਮ ਕਰਨ ਭਾਰਦਵਾਜ ਸਮੇਤ ਨਗਰ ਨਿਗਮ ਦੀਆਂ ਵੱਖ-ਵੱਖ ਸ਼ਾਖਾਵਾਂ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਰਹੇ। ਸਾਰਿਆਂ ਨੇ ਸੰਵਿਧਾਨ ਪ੍ਰਤੀ ਆਪਣੀ ਆਸਥਾ ਪ੍ਰਗਟ ਕਰਦਿਆਂ ਜਨ ਹਿੱਤ ਵਿੱਚ ਜ਼ਿੰਮੇਵਾਰੀ ਨਾਲ ਕੰਮ ਕਰਨ ਅਤੇ ਨਾਗਰਿਕਾਂ ਨੂੰ ਬਿਹਤਰ ਸੇਵਾਵਾਂ ਉਪਲਬਧ ਕਰਵਾਉਣ ਦੀ ਵਚਨਬੱਧਤਾ ਜਤਾਈ।

# ਮਹਿਲਾਵਾਂ ਦੇ ਸਸ਼ਕਤੀਕਰਨ ਅਤੇ ਸਮਾਜ ਦੀ ਬਿਹਤਰੀ ਲਈ ਹਿੱਤਕਾਰੀ ਕਾਰਜਾਂ ਸਬੰਧੀ ਹੋਇਆ ਨਾਰੀ ਏਕਤਾ ਵੈਲਫੇਅਰ ਸਭਾ ਦਾ ਗਠਨ

**ਪਟਿਆਲਾ (ਪੈ.ਗਾਮ-ਏ-ਜਗਤ)**

- **ਅਮਰਦੀਪ ਕੌਰ ਸਿੱਧੂ ਪ੍ਰਧਾਨ, ਗੁਰਮੇਲ ਕੌਰ ਜਨਰਲ ਸਕੱਤਰ ਅਤੇ ਮਨੀਸ਼ਾ ਦੀ ਸੀਨੀਅਰ ਮੀਤ ਪ੍ਰਧਾਨ ਵਜੋਂ ਹੋਈ ਸਰਵਸੰਮਤੀ ਨਾਲ ਚੋਣ**



ਮਹਿਲਾਵਾਂ ਦੇ ਅਧਿਕਾਰਾਂ ਦੀ ਰੱਖਿਆ ਉਨ੍ਹਾਂ ਨੂੰ ਆਰਥਿਕ ਤੌਰ ਤੇ ਆਤਮ ਨਿਰਭਰ ਬਣਾਉਣ ਅਤੇ ਸਰਵਸਮਾਜ ਦੇ ਹਿੱਤਕਾਰੀ ਕਾਰਜ ਕਰਨ ਦੇ ਮਕਸਦ ਨਾਲ ਨਾਰੀ ਏਕਤਾ ਵੈਲਫੇਅਰ ਸਭਾ ਦਾ ਗਠਨ ਕੁੱਝ ਜਾਗਰੂਕ ਸੁਝਵਾਨ ਮਹਿਲਾਵਾਂ ਵੱਲੋਂ ਬਡੂੰਗਰ ਵਿਖੇ ਆਯੋਜਿਤ ਇੱਕ ਮੀਟਿੰਗ ਦੌਰਾਨ ਕੀਤਾ ਗਿਆ। ਮੀਟਿੰਗ ਵਿਚ ਕਾਰਜਕਾਰਨੀ ਕਮੇਟੀ ਦੀ ਚੋਣ ਸਰਵਸੰਮਤੀ ਨਾਲ ਕੀਤੀ ਗਈ, ਜਿਸ ਵਿਚ ਅਮਰਦੀਪ ਕੌਰ ਸਿੱਧੂ ਪ੍ਰਧਾਨ, ਗੁਰਮੇਲ ਕੌਰ ਜਨਰਲ ਸਕੱਤਰ, ਮਨੀਸ਼ਾ ਸੀਨੀਅਰ ਮੀਤ ਪ੍ਰਧਾਨ, ਪਰਮਜੀਤ ਕੌਰ ਸਕੱਤਰ, ਬਲਪ੍ਰੀਤ ਕੌਰ ਪ੍ਰਚਾਰ ਸਕੱਤਰ, ਭੁਪਿੰਦਰ ਕੌਰ ਸਲਾਹਕਾਰ ਅਹੁਦੇਦਾਰ ਤੌਰ ਤੇ ਚੁਣੇ ਗਏ।

ਇਸ ਮੌਕੇ ਨਵਨਿਯੁਕਤ ਪ੍ਰਧਾਨ ਅਮਰਦੀਪ ਕੌਰ ਸਿੱਧੂ ਨੇ ਮੀਟਿੰਗ ਵਿਚ ਦੱਸਿਆ ਕਿ ਅੱਜ ਸਮਾਜ ਵਿਚ ਮਹਿਲਾਵਾਂ ਨੂੰ ਪੁਰਸ਼ਾਂ ਦੇ ਬਰਾਬਰ ਹੀ ਮੰਨਿਆ ਜਾ ਰਿਹਾ ਹੈ। ਮਹਿਲਾਵਾਂ ਹਰ ਖੇਤਰ ਵਿਚ ਆਪਣੇ ਦ੍ਰਿੜ ਇਰਾਦੇ ਨਾਲ ਤਰੱਕੀ ਵੱਲ ਅੱਗੇ ਵੱਧ ਰਹੀਆਂ ਹਨ, ਪਰ ਬਾਵਜੂਦ ਇਸ ਦੇ ਬਹੁਗਿਣਤੀ ਮਹਿਲਾਵਾਂ ਅੱਜ ਵੀ ਬੇਰੁਜ਼ਗਾਰੀ ਦੀ ਮਾਰ ਝੱਲ ਰਹੀਆਂ ਹਨ। ਜਿਨ੍ਹਾ ਨੂੰ ਗਰੀਬੀ ਵਿਚੋਂ ਕੱਢ ਕੇ ਆਤਮ ਨਿਰਭਰ ਬਣਾਉਣ ਲਈ ਸੰਸਥਾ ਵੱਲੋਂ ਠੋਸ ਉਪਰਾਲੇ ਕੀਤੇ ਜਾਣਗੇ।

ਉਨ੍ਹਾਂ ਸੰਸਥਾ ਦੇ ਕਾਰਜਾਂ ਸਬੰਧੀ ਦੱਸਿਆ ਕਿ ਨਾਰੀ ਏਕਤਾ ਵੈਲਫੇਅਰ ਸਭਾ ਵੱਲੋਂ ਮਹਿਲਾ ਅਧਿਕਾਰ, ਜਾਗਰੂਕਤਾ ਕੈਂਪ, ਲੜਕੀਆਂ ਦੇ ਵਿਆਹ ਕਾਰਜਾਂ ਵਿਚ ਸਹਿਯੋਗ ਕਰਨਾ, ਰੋਜ਼ਗਾਰ ਸਬੰਧੀ ਹੁਨਰ ਵਿਕਾਸ ਸਿੱਖਲਾਈ, ਕਰੀਅਰ ਕਾਂਉਸਲਿੰਗ ਅਤੇ ਸਵੈ ਰੋਜ਼ਗਾਰ ਯੋਜਨਾਵਾਂ ਸਬੰਧੀ ਜਾਗਰੂਕਤਾ ਕੈਂਪਾਂ ਦੇ ਆਯੋਜਨ ਕਰਨੇ ਅਤੇ ਇਨ੍ਹਾਂ ਤੋਂ ਇਲਾਵਾ ਮਿਲਾਵਟਖੋਰੀ, ਨਸ਼ਾਖੋਰੀ, ਭ੍ਰਿਸ਼ਟਾਚਾਰੀ ਆਦਿ ਵਿਰੁੱਧ ਕਾਰਜ ਕਰਨੇ ਵੀ ਸੰਸਥਾ ਦੇ ਏਜੰਡੇ ਵਿਚ ਸ਼ਾਮਲ ਹਨ।

# ਚੌਥਾ ਦਰਜਾ ਮੁਲਾਜ਼ਮਾਂ ਵੱਲੋਂ ਸਿਹਤ ਮੰਤਰੀ ਦੀ ਰਿਹਾਇਸ਼ ਵਿਖੇ ਸਮੂਹਿਕ ਭੁੱਖ ਹੜਤਾਲ ਤੇ ਰੈਲੀ

**ਪਟਿਆਲਾ, 26 ਨਵੰਬਰ**
**(ਪੈ.ਗਾਮ-ਏ-ਜਗਤ)**

- **ਮੰਗਾਂ ਦਾ ਹੱਲ ਨਾ ਹੋਣ 'ਤੇ 12 ਦਸੰਬਰ ਨੂੰ ਸਰਕਾਰੀ ਹਸਪਤਾਲ ਤ੍ਰਿਪੜੀ ਤੋਂ ਅਰਥੀ ਫੂਕ ਮਾਰਚ ਕਰਨ ਦਾ ਐਲਾਨ: ਦਰਸ਼ਨ ਸਿੰਘ ਲੁਬਾਣਾ, ਰਣਜੀਤ ਸਿੰਘ ਰਾਣਵਾਂ**




ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ-1680 ਵੱਲੋਂ ਸਿਹਤ ਵਿਭਾਗ ਦੀਆਂ ਸੰਸਥਾਵਾਂ ਵਿੱਚ ਕੰਮ ਕਰਦੇ ਚੌਥਾ ਦਰਜਾ, ਕੰਟਰੈਕਟ, ਆਊਟਸੋਰਸ ਅਤੇ ਯੂਜ਼ਰ ਚਾਰਜਿਜ਼ ਕਰਮਚਾਰੀਆਂ ਸਮੇਤ ਮਲੇਰੀਆ ਵਿਭਾਗ ਦੇ ਐਂਟੀ ਲਾਰਵਾ ਬਰੀਡਿੰਗ ਕਰਮਚਾਰੀਆਂ ਦੀਆਂ ਮੰਗਾਂ ਨੂੰ ਲੈ ਕੇ ਸਿਹਤ ਮੰਤਰੀ ਦੀ ਰਿਹਾਇਸ਼ ਵਿਖੇ ਸਮੂਹਿਕ ਭੁੱਖ ਹੜਤਾਲ ਅਤੇ ਰੈਲੀ ਕੀਤੀ ਗਈ।

ਇਸ ਮੌਕੇ ਯੂਨੀਅਨ ਆਗੂਆਂ ਦਰਸ਼ਨ ਸਿੰਘ ਲੁਬਾਣਾ ਅਤੇ ਰਣਜੀਤ ਸਿੰਘ ਰਾਣਵਾਂ ਨੇ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਵਿਰੁੱਧ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਪਿਛਲੇ ਚਾਰ ਸਾਲਾਂ ਤੋਂ ਲਗਾਤਾਰ ਪੱਤਰ ਵਿਹਾਰ ਅਤੇ ਮੀਟਿੰਗਾਂ ਰਾਹੀਂ ਮੁਲਾਜ਼ਮਾਂ ਦੀਆਂ ਮੰਗਾਂ ਉਠਾਈਆਂ ਜਾ ਰਹੀਆਂ ਹਨ, ਪਰ ਅਜੇ ਤੱਕ ਕਿਸੇ ਵੀ ਪੱਧਰ 'ਤੇ ਇਨ੍ਹਾਂ ਦਾ ਹੱਲ ਨਹੀਂ ਕੀਤਾ ਗਿਆ।

ਰੈਲੀ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਘੱਟੋ-ਘੱਟ ਉਜਰਤਾਂ ਵਿੱਚ ਕੀਤੇ ਵਾਧੇ, ਜਿਸ ਵਿੱਚ 15 ਫੀਸਦੀ ਵਾਧਾ ਵੀ ਸ਼ਾਮਲ ਹੈ, ਨੂੰ ਲਾਗੂ ਨਹੀਂ ਕੀਤਾ ਜਾ ਰਿਹਾ। ਲੰਮੇ ਸਮੇਂ ਤੋਂ ਡੀਸੀ ਰੇਟਾਂ, ਆਊਟਸੋਰਸ ਅਤੇ ਯੂਜ਼ਰ ਚਾਰਜਿਜ਼ 'ਤੇ ਕੰਮ ਕਰ ਰਹੇ ਕਰਮਚਾਰੀਆਂ ਨੂੰ ਸਰਕਾਰ ਦੇ ਫੈਸਲਿਆਂ ਦੇ ਬਾਵਜੂਦ ਵਿਭਾਗ ਵਿੱਚ ਸ਼ਾਮਲ ਨਹੀਂ ਕੀਤਾ ਜਾ ਰਿਹਾ। ਇਨ੍ਹਾਂ ਵਿੱਚ ਸਰਕਾਰੀ ਸਿਵਲ ਹਸਪਤਾਲ, ਸਰਕਾਰੀ ਮਾਤਾ ਕੁਸ਼ੱਲਿਆ ਹਸਪਤਾਲ ਪਟਿਆਲਾ ਅਤੇ ਆਮ ਆਦਮੀ ਕਲੀਨਿਕਾਂ ਵਿੱਚ ਕੰਮ ਕਰਦੇ ਕਰਮਚਾਰੀ ਅਤੇ ਸਫਾਈ ਸੇਵਕ ਸ਼ਾਮਲ ਹਨ। ਆਗੂਆਂ ਅਨੁਸਾਰ ਸਰਕਾਰੀ ਹਦਾਇਤਾਂ ਦੇ ਬਾਵਜੂਦ ਇਨ੍ਹਾਂ ਕਰਮਚਾਰੀਆਂ ਦਾ ਲੋੜੀਂਦਾ ਡਾਟਾ ਵੀ ਤਿਆਰ ਨਹੀਂ ਕੀਤਾ ਜਾ ਰਿਹਾ। ਉਨ੍ਹਾਂ ਦੋਸ਼ ਲਾਇਆ ਕਿ ਆਊਟਸੋਰਸ ਠੇਕੇਦਾਰਾਂ ਅਤੇ ਏਜੰਸੀਆਂ ਵੱਲੋਂ ਕਰਮਚਾਰੀਆਂ ਨੂੰ ਘੱਟੋ-ਘੱਟ ਉਜਰਤਾਂ, ਬੋ

# ਸੰਵਿਧਾਨ ਦਿਵਸ ਮੌਕੇ ਈ.ਐਲ.ਸੀ. ਕਲੱਬਾਂ ਵੱਲੋਂ ਵੋਟਰ ਜਾਗਰੂਕਤਾ ਗਤੀਵਿਧੀਆਂ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, 26 ਨਵੰਬਰ (ਪੈ.ਗਾਮ-ਏ-ਜਗਤ)**

ਡਿਪਟੀ ਕਮਿਸ਼ਨਰ ਸ੍ਰੀ ਅਦਿੱਤਿਆ ਡਚਲਵਾਲ ਦੀ ਅਗਵਾਈ ਹੇਠ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਸਵੀਪ ਮੁਹਿੰਮ ਤਹਿਤ ਇਲੈਕਟੋਰਲ ਲਿਟਰੇਸੀ ਕਲੱਬਾਂ (ਈ ਐਲ ਸੀ) ਰਾਹੀਂ ਵੋਟਰ ਜਾਗਰੂਕਤਾ ਗਤੀਵਿਧੀਆਂ ਲਗਾਤਾਰ ਕਰਵਾਈਆਂ ਜਾ ਰਹੀਆਂ ਹਨ, ਤਾਂ ਜੋ 18 ਸਾਲ ਦੀ ਉਮਰ ਪੂਰੀ ਕਰ ਚੁੱਕੇ ਨੌਜਵਾਨਾਂ ਦੀ ਵੱਧ ਤੋਂ ਵੱਧ ਵੋਟਰ ਵਜੋਂ ਰਜਿਸਟ੍ਰੇਸ਼ਨ ਯਕੀਨੀ ਬਣਾਈ ਜਾ ਸਕੇ।

- **ਵਿਦਿਆਰਥੀਆਂ ਨੇ ਪੋਸਟਰ ਮੁਕਾਬਲਿਆਂ ਅਤੇ ਜਾਗਰੂਕਤਾ ਮੁਹਿੰਮ ਰਾਹੀਂ ਲੋਕਾਂ ਨੂੰ ਵੋਟ ਬਣਵਾਉਣ ਲਈ ਕੀਤਾ ਪ੍ਰੇਰਿਤ**
- **6 ਦਸੰਬਰ ਨੂੰ ਲੱਗਣ ਵਾਲੇ ਵਿਸ਼ੇਸ਼ ਵੋਟਰ ਰਜਿਸਟ੍ਰੇਸ਼ਨ ਕੈਂਪ ਬਾਰੇ ਵੀ ਦਿੱਤੀ ਜਾਣਕਾਰੀ**

ਇਸੇ ਲੜੀ ਤਹਿਤ ਸੰਵਿਧਾਨ ਦਿਵਸ ਮੌਕੇ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਵਿੱਚ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਏ ਗਏ। ਜ਼ਿਲ੍ਹਾ ਨੋਡਲ ਅਫ਼ਸਰ ਸਵੀਪ ਪ੍ਰੋ. ਗੁਰਬਖਸ਼ੀਸ਼ ਸਿੰਘ ਅੰਟਾਲ ਦੀ ਅਗਵਾਈ ਹੇਠ ਵਿਦਿਆਰਥੀਆਂ ਨੂੰ ਵੋਟ ਦੀ ਮਹੱਤਤਾ, ਲੋਕਤੰਤਰ ਵਿੱਚ ਵੋਟਰਾਂ ਦੀ ਭੂਮਿਕਾ ਅਤੇ ਈਵੀਐਮ ਤੇ ਵੀਵੀਪੈਟ ਮਸ਼ੀਨਾਂ ਦੀ ਕਾਰਜਪ੍ਰਣਾਲੀ ਬਾਰੇ ਜਾਣਕਾਰੀ ਦਿੱਤੀ ਗਈ। ਇਸ ਦੇ ਨਾਲ ਹੀ ਈ ਸੀ ਆਈ ਨੈੱਟ ਰਾਹੀਂ ਨਵੀਂ ਵੋਟ ਬਣਾਉਣ ਅਤੇ ਆਨਲਾਈਨ ਵੋਟਰ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਬਾਰੇ ਵੀ ਜਾਣੂ ਕਰਵਾਇਆ ਗਿਆ।



ਇਸ ਮੌਕੇ ਪ੍ਰੋ. ਗੁਰਬਖਸ਼ੀਸ਼ ਸਿੰਘ ਅੰਟਾਲ ਨੇ ਸੇਂਟ ਸੋਲਜਰ ਸਕੂਲ, ਫੇਜ਼-7, ਮੋਹਾਲੀ ਵਿਖੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਕੂਲ ਦੇ ਵਿਦਿਆਰਥੀਆਂ ਨੇ ਵੋਟਰ ਜਾਗਰੂਕਤਾ ਵਿਸ਼ੇ 'ਤੇ ਕਰਵਾਏ ਪੋਸਟਰ ਮੁਕਾਬਲਿਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੇ ਵਿਚਾਰਾਂ ਰਾਹੀਂ ਵੋਟ ਦੇ ਅਧਿਕਾਰ ਦੀ ਮਹੱਤਤਾ ਦਾ ਸੁਨੇਹਾ ਦਿੱਤਾ।

ਇਸ ਤੋਂ ਇਲਾਵਾ ਵਿਦਿਆਰਥੀਆਂ ਵੱਲੋਂ ਫੇਜ਼-7 ਦੀ ਮਾਰਕੀਟ ਅਤੇ ਨੇੜਲੀ ਕਲੋਨੀ ਵਿੱਚ ਜਾਗਰੂਕਤਾ ਮੁਹਿੰਮ ਵੀ ਚਲਾਈ ਗਈ। ਇਸ ਦੌਰਾਨ ਆਮ ਲੋਕਾਂ ਨੂੰ 6 ਦਸੰਬਰ ਨੂੰ ਲਗਾਏ ਜਾਣ ਵਾਲੇ ਵਿਸ਼ੇਸ਼ ਵੋਟਰ ਰਜਿਸਟ੍ਰੇਸ਼ਨ ਕੈਂਪ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਯੋਗ ਨੌਜਵਾਨਾਂ ਨੂੰ ਆਪਣੀ ਵੋਟ ਬਣਵਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੁਹਿੰਮ ਨੂੰ ਸਥਾਨਕ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ।

ਪ੍ਰੋ. ਗੁਰਬਖਸ਼ੀਸ਼ ਸਿੰਘ ਅੰਟਾਲ ਨੇ ਕਿਹਾ ਕਿ ਸਵੀਪ ਮੁਹਿੰਮ ਦਾ ਮੁੱਖ ਉਦੇਸ਼ ਹਰੇਕ ਯੋਗ ਨਾਗਰਿਕ ਨੂੰ ਵੋਟ ਦੇ ਅਧਿਕਾਰ ਪ੍ਰਤੀ ਜਾਗਰੂਕ ਕਰਨਾ ਹੈ। ਉਨ੍ਹਾਂ ਕਿਹਾ ਕਿ ਈਐਲਸੀ ਕਲੱਬ ਇਸ ਉਦੇਸ਼ ਦੀ ਪੂਰਤੀ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ ਅਤੇ ਵਿਦਿਆਰਥੀ ਆਪਣੇ ਪਰਿਵਾਰਾਂ ਤੇ ਸਮਾਜ ਵਿੱਚ ਵੀ ਵੋਟਰ ਜਾਗਰੂਕਤਾ ਦਾ ਸੁਨੇਹਾ ਪਹੁੰਚਾ ਰਹੇ ਹਨ।

ਇਸ ਮੁਹਿੰਮ ਦੀ ਖ਼ਾਸ ਗੱਲ ਇਹ ਰਹੀ ਕਿ ਵਿਦਿਆਰਥੀਆਂ ਨੇ ਖ਼ੁਦ ਜਾਗਰੂਕ ਹੋਣ ਦੇ ਨਾਲ-ਨਾਲ ਆਮ ਲੋਕਾਂ ਨੂੰ ਵੀ ਜਾਗਰੂਕ ਕੀਤਾ। ਇਸ ਤਰ੍ਹਾਂ ਵਿਦਿਆਰਥੀਆਂ ਨੇ ਵੱਡਿਆਂ ਨੂੰ ਵੀ ਲੋਕਤੰਤਰ ਦੀ ਮਜ਼ਬੂਤੀ ਲਈ ਆਪਣੀ ਵੋਟ ਬਣਵਾਉਣ ਅਤੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਦਾ ਸੁਨੇਹਾ ਦਿੱਤਾ। ਇਸ ਮੌਕੇ ਸਵੀਪ ਟੀਮ ਦੇ ਮੈਂਬਰ ਸ੍ਰੀ ਮਤੀਸ਼ ਜੌਹਰ, ਸ੍ਰੀਮਤੀ ਨੀਤੂ ਗੁਪਤਾ, ਸ੍ਰੀਮਤੀ ਵਰਿੰਦਰ ਕੌਰ, ਸ੍ਰੀ ਵਿਕਾਸ ਵੈਕਟਰ ਅਤੇ ਸ੍ਰੀਮਤੀ ਜਸਬੀਰ ਕੌਰ ਵੀ ਹਾਜ਼ਰ ਸਨ।

# "ਵੋਟਾਂ ਉਸ ਪਾਰਟੀ ਨੂੰ ਦਿੱਤੀਆਂ ਜਾਣਗੀਆਂ ਜੋ ਸਮਾਂਬੱਧ ਢੰਗ ਨਾਲ ਮੁਲਾਜ਼ਮਾਂ ਦੀਆਂ ਮੰਗਾਂ ਪੂਰੀਆਂ ਕਰੇਗੀ"

## ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸਿਆਸੀ ਵਿੰਗ ਬਣਾਉਣ ਦਾ ਐਲਾਨ

**ਪੈ.ਗਾਮ-ਏ-ਜਗਤ ਪਟਿਆਲਾ, 26 ਨਵੰਬਰ (ਪਰਮਜੀਤ ਸਿੰਘ ਪਰਵਾਨਾ)**

ਪੰਜਾਬ ਦੇ ਸਰਕਾਰੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਆਪਣੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਦੀ ਪੂਰਤੀ ਲਈ ਸਰਕਾਰ 'ਤੇ ਦਬਾਅ ਬਣਾਉਣ ਵਾਸਤੇ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸਿਆਸੀ ਵਿੰਗ ਬਣਾਉਣ ਦਾ ਐਲਾਨ ਕੀਤਾ ਹੈ। ਇਸ ਸਬੰਧੀ ਜਾਣਕਾਰੀ ਸਾਂਝਾ ਮੁਲਾਜ਼ਮ ਮੰਚ ਦੇ ਮੁੱਖ ਕੋਆਰਡੀਨੇਟਰ ਸੁਖਚੈਨ ਸਿੰਘ ਖਹਿਰਾ, ਕੋਆਰਡੀਨੇਟਰ ਬਚਿੱਤਰ ਸਿੰਘ ਅਤੇ ਖੁਸ਼ਵਿੰਦਰ ਕਪਿਲਾ ਨੇ ਪਟਿਆਲਾ ਮੀਡੀਆ ਕਲੱਬ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਦਿੱਤੀ।



ਆਗੂਆਂ ਨੇ ਕਿਹਾ ਕਿ ਵੱਖ-ਵੱਖ ਸਿਆਸੀ ਪਾਰਟੀਆਂ ਵੱਲੋਂ ਵਾਰ-ਵਾਰ ਮੁਲਾਜ਼ਮਾਂ ਨਾਲ ਕੀਤੇ ਵਾਅਦੇ ਪੂਰੇ ਨਾ ਕਰਨ ਕਾਰਨ ਇਹ ਫੈਸਲਾ ਲੈਣਾ ਪਿਆ ਹੈ। ਸਿਆਸੀ ਵਿੰਗ ਵੱਲੋਂ ਸਭ ਤੋਂ ਪਹਿਲਾਂ ਪੰਜਾਬ ਦੇ 23 ਜ਼ਿਲ੍ਹਿਆਂ ਵਿੱਚ ਜ਼ਿਲ੍ਹਾ ਪੱਧਰੀ ਇਕਾਈਆਂ ਬਣਾਈਆਂ ਜਾਣਗੀਆਂ ਅਤੇ ਇਸ ਤੋਂ ਬਾਅਦ ਸੂਬਾ ਪੱਧਰੀ ਕਮੇਟੀ ਦਾ ਗਠਨ ਕੀਤਾ ਜਾਵੇਗਾ। ਇਹ ਕਮੇਟੀ ਵੱਖ-ਵੱਖ ਸਿਆਸੀ ਪਾਰਟੀਆਂ ਨਾਲ ਸੰਪਰਕ ਕਰਕੇ ਮੁਲਾਜ਼ਮਾਂ ਦੀਆਂ ਮੰਗਾਂ ਪੂਰੀਆਂ ਕਰਨ ਸਬੰਧੀ ਲਿਖਤੀ ਰੋਡਮੈਪ ਮੰਗੇਗੀ। ਜਿਹੜੀ ਪਾਰਟੀ ਮੰਗਾਂ ਨੂੰ ਸਮਾਂਬੱਧ ਢੰਗ ਨਾਲ ਪੂਰਾ ਕਰਨ ਦਾ ਭਰੋਸਾ ਦੇਵੇਗੀ, ਉਸ ਦੀ ਹਮਾਇਤ ਕਰਨ ਬਾਰੇ ਫੈਸਲਾ ਲਿਆ ਜਾਵੇਗਾ।

ਆਗੂਆਂ ਨੇ ਦਾਅਵਾ ਕੀਤਾ ਕਿ ਪੰਜਾਬ ਵਿੱਚ ਲਗਭਗ 8 ਲੱਖ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਪਰਿਵਾਰਾਂ ਨਾਲ ਜੁੜੀਆਂ 40 ਲੱਖ ਤੋਂ ਵੱਧ ਵੋਟਾਂ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿੱਚੋਂ 70 ਫੀਸਦੀ ਵੋਟਾਂ ਮੌਜੂਦਾ ਸਰਕਾਰ ਦੇ ਵਿਰੁੱਧ ਪੈਣ ਦੀ ਸੰਭਾਵਨਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਬਦਲਾਅ ਦੇ ਨਾਂ 'ਤੇ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮੁਲਾਜ਼ਮਾਂ ਦੀਆਂ ਉਮੀਦਾਂ ਪੂਰੀਆਂ ਨਹੀਂ ਕੀਤੀਆਂ ਅਤੇ ਮੁਲਾਜ਼ਮ ਵਰਗ ਨੂੰ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਆਗੂਆਂ ਨੇ ਦੋਸ਼ ਲਾਇਆ ਕਿ ਸਰਕਾਰ ਵੱਲੋਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਦਾਇਰ ਹਲਫ਼ਨਾਮਿਆਂ ਵਿੱਚ ਮੁਲਾਜ਼ਮਾਂ ਦੀਆਂ ਤਨਖ਼ਾਹਾਂ ਨੂੰ ਜ਼ਿਆਦਾ ਦੱਸਿਆ ਗਿਆ ਹੈ, ਜਦਕਿ ਨਵੀਂ ਭਰਤੀ ਵਾਲੇ ਮੁਲਾਜ਼ਮਾਂ ਨੂੰ ਸ਼ੁਰੂਆਤੀ ਤਨਖ਼ਾਹ ਵਜੋਂ 17,900 ਰੁਪਏ ਦਿੱਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਨਵੀਂ ਭਰਤੀ ਵਾਲੇ ਕਰਮਚਾਰੀਆਂ ਨੂੰ ਪਹਿਲੇ ਤਿੰਨ ਸਾਲਾਂ ਦੌਰਾਨ ਵੀ ਪੂਰੀ ਤਨਖ਼ਾਹ ਨਹੀਂ ਮਿਲਦੀ। ਇਸ ਤੋਂ ਇਲਾਵਾ ਸਰਕਾਰ ਵੱਲੋਂ ਮਹਿੰਗਾਈ ਭੱਤੇ (ਡੀਏ) ਅਤੇ ਹੋਰ ਬਕਾਏ ਦੇਣ ਤੋਂ ਵੀ ਇਨਕਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਸਮੇਤ ਮੁਲਾਜ਼ਮਾਂ ਦੀਆਂ ਹੋਰ ਮੰਗਾਂ ਬਾਰੇ ਚੋਣਾਂ ਤੋਂ ਪਹਿਲਾਂ ਵਾਅਦੇ ਕੀਤੇ ਗਏ ਸਨ, ਪਰ ਉਨ੍ਹਾਂ ਨੂੰ ਅਮਲੀ ਰੂਪ ਨਹੀਂ ਦਿੱਤਾ ਗਿਆ। ਆਗੂਆਂ ਨੇ ਪੰਜਾਬ ਸਿਰ ਵਧ ਰਹੇ ਕਰਜ਼ੇ 'ਤੇ ਵੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਮੌਜੂਦਾ ਹਾਲਾਤ ਕਾਰਨ ਆਉਣ ਵਾਲੇ ਸਮੇਂ ਵਿੱਚ ਮੁਲਾਜ਼ਮਾਂ ਨੂੰ ਆਪਣੀਆਂ ਤਨਖ਼ਾਹਾਂ ਅਤੇ ਪੈਨਸ਼ਨਾਂ ਲਈ ਵੀ ਸੰਘਰਸ਼ ਕਰਨਾ ਪੈ ਸਕਦਾ ਹੈ।

ਇਸ ਮੌਕੇ ਮਨਦੀਪ ਸਿੰਘ ਸਿੱਧੂ, ਹਰਮੇਲ ਸਿੰਘ, ਜਗਤਾਰ ਸਿੰਘ ਢੀਂਡਸਾ, ਅਵਤਾਰ ਸਿੰਘ ਤੱਗੜ, ਕੇਸਰ ਸਿੰਘ ਬਰਸਟ ਸਮੇਤ ਹੋਰ ਮੁਲਾਜ਼ਮ ਆਗੂ ਹਾਜ਼ਰ ਸਨ।

# ਆਰ.ਬੀ.ਯੂ. ਦੇ ਵਿਦਿਆਰਥੀ ਨੇ ਰਾਸ਼ਟਰੀ ਪਾਵਰਲਿਫਟਿੰਗ ਚੈਂਪੀਅਨਸ਼ਿਪ ਵਿੱਚ ਜਿੱਤਿਆ ਚਾਂਦੀ ਦਾ ਤਗਮਾ

**ਪੈ.ਗਾਮ-ਏ-ਜਗਤ/ਚੰਡੀਗੜ੍ਹ 26 ਨਵੰਬਰ (ਗੁਰਜੀਤ ਬਿੱਲਾ)**

ਰਿਆਤ ਬਾਹਰਾ ਯੂਨੀਵਰਸਿਟੀ ਦੇ ਵਿਦਿਆਰਥੀ ਨੇ ਰਾਸ਼ਟਰੀ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ

- **56 ਕਿਲੋਗ੍ਰਾਮ ਭਾਰ ਵਰਗ ਵਿੱਚ ਦੂਜਾ ਸਥਾਨ ਹਾਸਲ ਕਰਕੇ ਯੂਨੀਵਰਸਿਟੀ ਦਾ ਨਾਮ ਕੀਤਾ ਰੌਸ਼ਨ**




ਯੂਨੀਵਰਸਿਟੀ ਦਾ ਨਾਮ ਰੌਸ਼ਨ ਕੀਤਾ ਹੈ। ਬੀਸੀਏ (ਆਰਟੀਫੀਸ਼ੀਅਲ ਇੰਟੈਲੀਜੈਂਸ) ਦੇ ਪਹਿਲੇ ਸਾਲ ਦੇ ਵਿਦਿਆਰਥੀ ਆਨੰਦ ਕੁਮਾਰ ਨੇ ਨੈਸ਼ਨਲ ਪਾਵਰਲਿਫਟਿੰਗ ਚੈਂਪੀਅਨਸ਼ਿਪ-2026 ਦੇ 56 ਕਿਲੋਗ੍ਰਾਮ ਭਾਰ ਵਰਗ ਵਿੱਚ ਦੂਜਾ ਸਥਾਨ ਹਾਸਲ ਕਰਕੇ ਚਾਂਦੀ ਦਾ ਤਗਮਾ ਜਿੱਤਿਆ। ਪਾਵਰਲਿਫਟਿੰਗ ਫੈਡਰੇਸ਼ਨ ਆਫ ਇੰਡੀਆ ਵੱਲੋਂ 20 ਤੋਂ 23 ਨਵੰਬਰ ਤੱਕ ਦਿੱਲੀ ਦੇ ਤਿਮਾਰਪੁਰ ਸਥਿਤ ਸਪੋਰਟਸ ਕੰਪਲੈਕਸ, ਜੀਐਸਵੀ ਵਿਖੇ ਕਰਵਾਈ ਗਈ ਇਸ ਚੈਂਪੀਅਨਸ਼ਿਪ ਵਿੱਚ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਆਏ ਖਿਡਾਰੀਆਂ ਨੇ ਭਾਗ ਲਿਆ। ਆਨੰਦ ਕੁਮਾਰ ਨੇ ਆਪਣੀ ਬੇਮਿਸਾਲ ਤਾਕਤ, ਦ੍ਰਿੜ ਇਰਾਦੇ ਅਤੇ ਸ਼ਾਨਦਾਰ ਖੇਡ ਪ੍ਰਦਰਸ਼ਨ ਸਦਕਾ ਮੁਕਾਬਲੇ ਵਿੱਚ ਦੂਜਾ ਸਥਾਨ ਹਾਸਲ ਕਰਕੇ ਚਾਂਦੀ ਦਾ ਤਗਮਾ ਆਪਣੇ ਨਾਮ ਕੀਤਾ।

ਆਨੰਦ ਦੀ ਇਸ ਪ੍ਰਾਪਤੀ 'ਤੇ ਯੂਨੀਵਰਸਿਟੀ ਪ੍ਰਬੰਧਨ ਵੱਲੋਂ ਉਸ ਨੂੰ ਵਧਾਈ ਦਿੱਤੀ ਗਈ ਅਤੇ ਉਸ ਦੀ ਮਿਹਨਤ, ਲਗਨ ਤੇ ਖੇਡਾਂ ਪ੍ਰਤੀ ਸਮਰਪਣ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਯੂਨੀਵਰਸਿਟੀ ਦੇ ਚਾਂਸਲਰ ਅਤੇ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ, ਵਾਈਸ ਚੇਅਰਮੈਨ ਗੁਰਿੰਦਰ ਸਿੰਘ ਬਾਹਰਾ ਅਤੇ ਡਾਇਰੈਕਟਰ ਸਪੋਰਟਸ ਡਾ. ਕਰਮਵੀਰ ਸਿੰਘ ਅੱਤਰੀ ਨੇ ਆਨੰਦ ਕੁਮਾਰ ਨੂੰ ਵਧਾਈ ਦਿੰਦਿਆਂ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਆਨੰਦ ਦੀ ਇਹ ਪ੍ਰਾਪਤੀ ਹੋਰਨਾਂ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਸਰੋਤ ਬਣੇਗੀ ਅਤੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਵਧ-ਚੜ੍ਹ ਕੇ ਹਿੱਸਾ ਲੈਣ ਲਈ ਉਤਸ਼ਾਹਿਤ ਕਰੇਗੀ। ਯੂਨੀਵਰਸਿਟੀ ਦੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੇ ਵੀ ਆਨੰਦ ਦੀ ਇਸ ਕਾਮਯਾਬੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਸ ਨੂੰ ਭਵਿੱਖ ਦੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਮੁਕਾਬਲਿਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਮਾਤਾ ਸ਼੍ਰੀ ਚਿੰਤਪੁਰਨੀ ਮਹੋਤਸਵ ਦੀਆਂ ਸੱਭਿਆਚਾਰਕ ਸ਼ਾਮਾਂ ਲਈ ਆਡੀਸ਼ਨ ਸ਼ੁਰੂ, ਪਹਿਲੇ ਦਿਨ 27 ਕਲਾਕਾਰਾਂ ਨੇ ਦਿਖਾਈ ਆਪਣੀ ਪ੍ਰਤਿਭਾ

**ਅੰਬ (ਊਨਾ), 26 ਨਵੰਬਰ (ਪੈਗਾਮ-ਏ-ਜਗਤ)**

4 ਤੋਂ 6 ਦਸੰਬਰ ਤੱਕ ਕਰਵਾਏ ਜਾਣ ਵਾਲੇ ਮਾਤਾ ਸ਼੍ਰੀ ਚਿੰਤਪੁਰਨੀ ਮਹੋਤਸਵ-2026 ਦੀਆਂ ਸੱਭਿਆਚਾਰਕ ਸ਼ਾਮਾਂ ਲਈ ਵੀਰਵਾਰ ਨੂੰ ਡਿਗਰੀ ਕਾਲਜ ਅੰਬ ਵਿਖੇ ਆਡੀਸ਼ਨ ਸ਼ੁਰੂ ਹੋਏ। ਪਹਿਲੇ ਦਿਨ ਇਲਾਕੇ ਦੇ 27 ਸਥਾਨਕ ਕਲਾਕਾਰਾਂ ਨੇ ਗਾਇਕੀ, ਨਾਚ ਸਮੇਤ ਵੱਖ-ਵੱਖ ਕਲਾਵਾਂ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਮੇਲਾ ਕਮੇਟੀ ਦੇ ਕਨਵੀਨਰ ਅਤੇ ਐੱਸਡੀਐੱਮ ਅੰਬ ਪਾਰਸ ਅਗਰਵਾਲ ਨੇ ਦੱਸਿਆ ਕਿ ਸਥਾਨਕ ਪ੍ਰਤਿਭਾਵਾਂ ਨੂੰ ਮੰਚ ਪ੍ਰਦਾਨ ਕਰਨ ਅਤੇ ਇਲਾਕੇ ਦੀ ਸੱਭਿਆਚਾਰਕ ਵਿਰਾਸਤ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਆਡੀਸ਼ਨ ਕਰਵਾਏ ਜਾ ਰਹੇ ਹਨ। ਆਡੀਸ਼ਨ 27 ਨਵੰਬਰ ਨੂੰ ਵੀ ਜਾਰੀ ਰਹਿਣਗੇ। ਚਾਹਵਾਨ ਕਲਾਕਾਰ ਮੌਕੇ 'ਤੇ ਵੀ ਅਰਜ਼ੀ ਦੇ ਸਕਦੇ ਹਨ। ਨਾਮੀ ਕਲਾਕਾਰਾਂ ਅਤੇ ਕੌਮੀ ਪੱਧਰ ਦੇ ਮੁਕਾਬਲਿਆਂ ਦੇ ਜੇਤੂਆਂ ਨੂੰ ਆਡੀਸ਼ਨ ਤੋਂ ਛੋਟ ਦਿੱਤੀ ਗਈ ਹੈ।



ਉਨ੍ਹਾਂ ਦੱਸਿਆ ਕਿ 4 ਦਸੰਬਰ ਨੂੰ ਸ਼ੋਭਾ ਯਾਤਰਾ ਦੇ ਨਾਲ ਮਹੋਤਸਵ ਦਾ ਰਸਮੀ ਉਦਘਾਟਨ ਹੋਵੇਗਾ। ਤਿੰਨ ਰੋਜ਼ਾ ਮੇਲੇ ਦੌਰਾਨ ਸੱਭਿਆਚਾਰਕ ਪ੍ਰੋਗਰਾਮਾਂ, ਖੇਡ ਮੁਕਾਬਲਿਆਂ, ਸਕੂਲੀ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਅਤੇ ਵੱਖ-ਵੱਖ ਵਿਭਾਗਾਂ ਵੱਲੋਂ ਵਿਕਾਸ ਕਾਰਜਾਂ ਨਾਲ ਸਬੰਧਤ ਪ੍ਰਦਰਸ਼ਨੀਆਂ ਵੀ ਲਗਾਈਆਂ ਜਾਣਗੀਆਂ। ਤਿੰਨਾਂ ਦਿਨਾਂ ਦੀਆਂ ਸੱਭਿਆਚਾਰਕ ਸ਼ਾਮਾਂ ਦਾ ਮੁੱਖ ਆਕਰਸ਼ਣ ਰਹਿਣਗੀਆਂ, ਜਿਨ੍ਹਾਂ ਵਿੱਚ ਹਿਮਾਚਲੀ ਲੋਕ ਕਲਾਕਾਰਾਂ ਦੇ ਨਾਲ ਪੰਜਾਬੀ ਗਾਇਕ ਵੀ ਆਪਣੀਆਂ ਪੇਸ਼ਕਾਰੀਆਂ ਦੇਣਗੇ।

ਸ਼੍ਰੀ ਚਿੰਤਪੁਰਨੀ ਦੇ ਵਿਧਾਇਕ ਸੁਦਰਸ਼ਨ ਬਬਲੂ ਨੇ ਕਿਹਾ ਕਿ ਮਾਤਾ ਸ਼੍ਰੀ ਚਿੰਤਪੁਰਨੀ ਮਹੋਤਸਵ ਇਲਾਕੇ ਦੀ ਧਾਰਮਿਕ ਆਸਥਾ, ਅਮੀਰ ਲੋਕ ਸੱਭਿਆਚਾਰ ਅਤੇ ਸਮਾਜਿਕ ਏਕਤਾ ਦਾ ਪ੍ਰਤੀਕ ਬਣ ਕੇ ਉਭਰਿਆ ਹੈ। ਇਹ ਮਹੋਤਸਵ ਇਸ ਸਾਲ ਆਪਣੇ ਤੀਜੇ ਸੰਸਕਰਣ ਵਿੱਚ ਦਾਖਲ ਹੋ ਰਿਹਾ ਹੈ ਅਤੇ ਥੋੜ੍ਹੇ ਸਮੇਂ ਵਿੱਚ ਹੀ ਲੋਕਾਂ ਵਿੱਚ ਆਪਣੀ ਵਿਸ਼ੇਸ਼ ਪਛਾਣ ਬਣਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਇਸ ਸਮਾਗਮ ਦੀ ਭਰਪੂਰ ਸ਼ਲਾਘਾ ਕੀਤੀ ਗਈ ਹੈ ਅਤੇ ਆਉਣ ਵਾਲੇ ਸਾਲਾਂ ਵਿੱਚ ਇਸ ਨੂੰ ਹੋਰ ਬਿਹਤਰ ਬਣਾਉਣ ਦੇ ਯਤਨ ਕੀਤੇ ਜਾਣਗੇ।

ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਠਾਕੁਰ ਸੁਖਵਿੰਦਰ ਸਿੰਘ ਸੁੱਖੂ ਦਾ ਵਿਸ਼ੇਸ਼ ਜ਼ੋਰ ਧਾਰਮਿਕ ਅਤੇ ਸੱਭਿਆਚਾਰਕ ਸੈਰ-ਸਪਾਟੇ ਦੀਆਂ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ 'ਤੇ ਹੈ। ਮਾਤਾ ਸ਼੍ਰੀ ਚਿੰਤਪੁਰਨੀ ਮਹੋਤਸਵ ਇਸ ਸੋਚ ਨੂੰ ਅੱਗੇ

## Happy



**ਸਤਨਾਮ ਸਿੰਘ ਫੌਜੀ ਅਤੇ ਸਿਮਰਨਜੋਤ ਕੌਰ**

ਵਾਸੀ ਪਿੰਡ ਉਸਮਾਨਪੁਰ ਨੂੰ 'ਪੈ.ਗਾਮ-ਏ-ਜਗਤ' ਦੇ ਸਮੂਹ ਪਰਿਵਾਰ ਵਲੋਂ ਵਿਆਹ ਦੀ 7ਵੀਂ ਵਰ੍ਹੇਗੰਢ ਦੀਆਂ ਬਹੁਤ-ਬਹੁਤ ਮੁਬਾਰਕਾਂ

# ਸੀ-ਪਾਈਟ ਕੈਂਪ ਨਵਾਂਸ਼ਹਿਰ ਵਿਖੇ ਫੌਜੀ ਭਰਤੀ ਦੀ ਲਿਖਤੀ ਪਰੀਖਿਆ ਦੀ ਤਿਆਰੀ ਲਈ ਪਹਿਲਾ ਬੈਚ 01 ਦਸੰਬਰ ਤੋਂ ਪਹਿਲਾਂ ਹੋਵੇਗਾ ਸ਼ੁਰੂ

**ਸਿਖਲਾਈ ਦੌਰਾਨ ਰਿਹਾਇਸ਼ ਅਤੇ ਖਾਣਾ ਮਿਲੇਗਾ ਬਿਲਕੁਲ ਮੁਫ਼ਤ**

ਪੈ.ਗਾਮ-ਏ-ਜਗਤ/ਨਵਾਂਸ਼ਹਿਰ
26 ਨਵੰਬਰ (ਜਤਿੰਦਰਪਾਲ ਸਿੰਘ ਕਲੇਰ)

ਸੀ-ਪਾਈਟ ਕੈਂਪ ਨਵਾਂਸ਼ਹਿਰ ਦੇ ਸਿਖਲਾਈ ਅਧਿਕਾਰੀ ਸੂਬੇਦਾਰ ਤਜਿੰਦਰ ਸਿੰਘ ਨੇ ਦੱਸਿਆ ਹੈ ਕਿ ਜ਼ਿਲ੍ਹਾ ਨਵਾਂਸ਼ਹਿਰ ਅਤੇ ਤਹਿਸੀਲ ਸਮਰਾਲਾ ਜ਼ਿਲ੍ਹਾ ਲੁਧਿਆਣਾ ਅਤੇ ਤਹਿਸੀਲ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਦੇ ਨੌਜਵਾਨਾਂ ਲਈ ਸਾਲ 2027 ਵਿੱਚ ਆਉਣ ਵਾਲੀ ਫੌਜੀ ਅਗਨਵੀਰ ਭਰਤੀ, ਪੰਜਾਬ ਪੁਲਿਸ ਅਤੇ ਅਰਧ ਸੈਨਿਕ ਬਲ ਦੀ ਲਿਖਤੀ ਪਰੀਖਿਆ ਦੀ ਤਿਆਰੀ ਲਈ ਮਿਤੀ 01 ਦਸੰਬਰ 2026 ਤੋਂ ਪਹਿਲਾਂ ਪਹਿਲਾ ਬੈਚ ਸ਼ੁਰੂ ਹੋ ਰਿਹਾ ਹੈ। ਉਪਰੋਕਤ ਜ਼ਿਲ੍ਹਿਆਂ ਨਾਲ ਸਬੰਧਤ ਚਾਹਵਾਨ ਨੌਜਵਾਨ ਕਿਸੇ ਵੀ ਦਿਨ



ਸਵੇਰੇ 9 ਵਜੇ ਤੋਂ ਬਾਅਦ ਜ਼ਰੂਰੀ ਦਸਤਾਵੇਜ਼ਾਂ ਦੀ ਅਸਲ ਅਤੇ ਫੋਟੋ ਕਾਪੀਆਂ ਲੈ ਕੇ ਕੈਂਪ ਵਿਖੇ ਹਾਜ਼ਰ ਹੋ ਸਕਦੇ ਹਨ। ਸਿਖਲਾਈ ਅਧਿਕਾਰੀ ਸੂਬੇਦਾਰ ਤਜਿੰਦਰ ਸਿੰਘ ਨੇ ਦੱਸਿਆ ਹੈ ਕਿ ਕੈਂਪ ਵਿੱਚ ਸਿਖਲਾਈ ਦੌਰਾਨ ਨੌਜਵਾਨਾਂ ਨੂੰ ਰਿਹਾਇਸ਼ ਅਤੇ ਖਾਣਾ ਬਿਲਕੁਲ ਮੁਫ਼ਤ ਦਿੱਤਾ ਜਾਵੇਗਾ।

# ਅਜੋਕੀ ਨੌਜਵਾਨ ਪੀੜ੍ਹੀ ਵਿੱਚ ਸਾਹਿਤ ਪ੍ਰਤੀ ਰੁਚੀ ਦਾ ਡਿਗਦਾ ਮਿਆਰ

**ਕਿਸੇ ਵੀ ਸਮਾਜ ਦੀ ਬੌਧਿਕ**, ਸੱਭਿਆਚਾਰਕ ਅਤੇ ਨੈਤਿਕ ਤਰੱਕੀ ਦਾ ਅੰਦਾਜ਼ਾ ਉਸ ਸਮਾਜ ਦੇ ਸਾਹਿਤਕ ਰੁਝਾਨਾਂ ਤੋਂ ਸਹਿਜੇ ਹੀ ਲਗਾਇਆ ਜਾ ਸਕਦਾ ਹੈ। ਸਾਹਿਤ ਸਿਰਫ਼ ਸ਼ਬਦਾਂ ਦਾ ਜੋੜ ਜਾਂ ਮਨੋਰੰਜਨ ਦਾ ਸਾਧਨ ਨਹੀਂ ਹੁੰਦਾ, ਸਗੋਂ ਇਹ ਮਨੁੱਖੀ ਜੀਵਨ ਦੇ ਅਨੁਭਵਾਂ, ਭਾਵਨਾਵਾਂ, ਸੰਘਰਸ਼ਾਂ, ਸੁਪਨਿਆਂ ਅਤੇ ਸਮਾਜਿਕ ਸਰੋਕਾਰਾਂ ਦਾ ਪ੍ਰਤੀਬਿੰਬ ਹੁੰਦਾ ਹੈ। ਸਾਹਿਤ ਮਨੁੱਖ ਨੂੰ ਮਨੁੱਖ ਨਾਲ ਜੋੜਦਾ ਹੈ, ਉਸ ਦੀ ਸੋਚ ਨੂੰ ਵਿਸ਼ਾਲ ਬਣਾਉਂਦਾ ਹੈ ਅਤੇ ਜੀਵਨ ਨੂੰ ਦੇਖਣ ਦੀ ਨਵੀਂ ਦ੍ਰਿਸ਼ਟੀ ਪ੍ਰਦਾਨ ਕਰਦਾ ਹੈ। ਪਰ ਅਜੋਕੇ ਸਮੇਂ ਵਿੱਚ ਨੌਜਵਾਨ ਪੀੜ੍ਹੀ ਦਾ ਸਾਹਿਤ ਪ੍ਰਤੀ ਘਟਦਾ ਰੁਝਾਨ ਇੱਕ ਗੰਭੀਰ ਚਿੰਤਾ ਦਾ ਵਿਸ਼ਾ ਬਣਦਾ ਜਾ ਰਿਹਾ ਹੈ।



ਇਹ ਗੱਲ ਪੂਰੀ ਤਰ੍ਹਾਂ ਨਹੀਂ ਕਹੀ ਜਾ ਸਕਦੀ ਕਿ ਅਜੋਕੀ ਨੌਜਵਾਨ ਪੀੜ੍ਹੀ ਪੜ੍ਹਨ ਤੋਂ ਬਿਲਕੁਲ ਦੂਰ ਹੋ ਗਈ ਹੈ, ਪਰ ਇਹ ਜ਼ਰੂਰ ਮਹਿਸੂਸ ਹੁੰਦਾ ਹੈ ਕਿ ਉਸ ਦੀ ਪੜ੍ਹਨ ਦੀ ਦਿਸ਼ਾ, ਰੁਚੀ ਅਤੇ ਤਰਜੀਹਾਂ ਵਿੱਚ ਵੱਡੀ ਤਬਦੀਲੀ ਆਈ ਹੈ। ਕਿਤਾਬਾਂ ਦੀ ਥਾਂ ਮੋਬਾਈਲ ਫ਼ੋਨ, ਸਾਹਿਤਕ ਰਸਾਲਿਆਂ ਦੀ ਥਾਂ ਸੋਸ਼ਲ ਮੀਡੀਆ ਅਤੇ ਗੰਭੀਰ ਚਿੰਤਨ ਦੀ ਥਾਂ ਕੁਝ ਸਕਿੰਟਾਂ ਦੀਆਂ ਵੀਡੀਓਜ਼ ਨੇ ਲੈ ਲਈ ਹੈ। ਨੌਜਵਾਨਾਂ ਕੋਲ ਜਾਣਕਾਰੀ ਦੀ ਕੋਈ ਘਾਟ ਨਹੀਂ, ਪਰ ਉਸ ਜਾਣਕਾਰੀ ਨੂੰ ਸਮਝਣ, ਵਿਚਾਰਨ ਅਤੇ ਜੀਵਨ ਨਾਲ ਜੋੜਨ ਦੀ ਪ੍ਰਵਿਰਤੀ ਕਮਜ਼ੋਰ ਪੈਂਦੀ ਜਾ ਰਹੀ ਹੈ।

ਇਸ ਬਦਲਾਅ ਦਾ ਸਭ ਤੋਂ ਵੱਡਾ ਕਾਰਨ ਡਿਜੀਟਲ ਯੁੱਗ ਦਾ ਵਧਦਾ ਪ੍ਰਭਾਵ ਹੈ। ਇੰਟਰਨੈੱਟ ਅਤੇ ਸੋਸ਼ਲ ਮੀਡੀਆ ਨੇ ਦੁਨੀਆ ਨੂੰ ਇੱਕ ਛੋਟੇ ਜਿਹੇ ਪਿੰਡ ਵਿੱਚ ਬਦਲ ਦਿੱਤਾ ਹੈ। ਫੇਸਬੁੱਕ, ਇੰਸਟਾਗ੍ਰਾਮ, ਯੂਟਿਊਬ ਅਤੇ ਹੋਰ ਡਿਜੀਟਲ ਮਾਧਿਅਮਾਂ ਨੇ ਨੌਜਵਾਨਾਂ ਦੇ ਜੀਵਨ ਵਿੱਚ ਅਹਿਮ ਥਾਂ ਬਣਾ ਲਈ ਹੈ। ਘੰਟਿਆਂ ਤੱਕ ਮੋਬਾਈਲ ਦੀ ਸਕਰੀਨ ਉੱਤੇ ਸਮਾਂ ਬਿਤਾਉਣ ਵਾਲੀ ਪੀੜ੍ਹੀ ਕੋਲ ਕਈ ਵਾਰ ਇੱਕ ਕਿਤਾਬ ਦੇ ਕੁਝ ਪੰਨੇ ਪੜ੍ਹਨ ਦਾ ਧੀਰਜ ਵੀ ਨਹੀਂ ਰਹਿੰਦਾ। ਛੋਟੇ-ਛੋਟੇ ਸੰਦੇਸ਼ਾਂ ਅਤੇ ਤੁਰੰਤ ਮਨੋਰੰਜਨ ਦੀ ਆਦਤ ਨੇ ਲੰਬੇ ਸਾਹਿਤਕ ਲੇਖਾਂ, ਕਹਾਣੀਆਂ ਅਤੇ ਨਾਵਲਾਂ ਨੂੰ ਪੜ੍ਹਨ ਦੀ ਇਕਾਗਰਤਾ ਪ੍ਰਭਾਵਿਤ ਕੀਤੀ ਹੈ।

**ਪੈ.ਗਾਮ-ਏ-ਜਗਤ**

ਇੱਥੇ ਇੱਕ ਹੋਰ ਗੱਲ ਵੀ ਵਿਚਾਰਨਯੋਗ ਹੈ ਕਿ ਅੱਜ ਦਾ ਨੌਜਵਾਨ ਸਾਹਿਤ ਤੋਂ ਦੂਰ ਕਿਉਂ ਹੋ ਰਿਹਾ ਹੈ? ਕੀ ਇਸ ਦਾ ਕਾਰਨ ਸਿਰਫ਼ ਉਸ ਦੀ ਬਦਲਦੀ ਜੀਵਨ-ਸ਼ੈਲੀ ਹੈ ਜਾਂ ਸਾਡੀ ਸਾਹਿਤਕ ਦੁਨੀਆ ਵੀ ਇਸ ਲਈ ਕੁਝ ਹੱਦ ਤੱਕ ਜ਼ਿੰਮੇਵਾਰ ਹੈ? ਅਸੀਂ ਅਕਸਰ ਨੌਜਵਾਨ ਪੀੜ੍ਹੀ ਨੂੰ ਦੋਸ਼ੀ ਠਹਿਰਾ ਕੇ ਆਪਣੀ ਜ਼ਿੰਮੇਵਾਰੀ ਤੋਂ ਮੁਕਤ ਹੋ ਜਾਂਦੇ ਹਾਂ, ਪਰ ਕਦੇ ਇਹ ਸੋਚਣ ਦੀ ਕੋਸ਼ਿਸ਼ ਨਹੀਂ ਕਰਦੇ ਕਿ ਕੀ ਅਸੀਂ ਉਨ੍ਹਾਂ ਨੂੰ ਅਜਿਹਾ ਸਾਹਿਤ ਦੇ ਰਹੇ ਹਾਂ ਜੋ ਉਨ੍ਹਾਂ ਦੇ ਜੀਵਨ, ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਉਨ੍ਹਾਂ ਦੇ ਸੁਪਨਿਆਂ ਨਾਲ ਸੰਵਾਦ ਰਚਾ ਸਕੇ?

ਅੱਜ ਦੇ ਨੌਜਵਾਨ ਦੀਆਂ ਚੁਣੌਤੀਆਂ ਵੱਖਰੀਆਂ ਹਨ। ਬੇਰੁਜ਼ਗਾਰੀ, ਵਿਦੇਸ਼ ਜਾਣ ਦੀ ਦੌੜ, ਮੁਕਾਬਲੇ ਦੀ ਭਾਵਨਾ, ਆਰਥਿਕ ਦਬਾਅ, ਰਿਸ਼ਤਿਆਂ ਵਿੱਚ ਬਦਲਾਅ ਅਤੇ ਭਵਿੱਖ ਦੀ ਅਨਿਸ਼ਚਿਤਤਾ ਉਸ ਦੇ ਜੀਵਨ ਦੇ ਅਹਿਮ ਹਿੱਸੇ ਹਨ। ਜੇਕਰ ਸਾਹਿਤ ਇਨ੍ਹਾਂ ਸਰੋਕਾਰਾਂ ਨੂੰ ਆਪਣੀ ਰਚਨਾਤਮਕਤਾ ਦਾ ਹਿੱਸਾ ਨਹੀਂ ਬਣਾਏਗਾ ਤਾਂ ਨੌਜਵਾਨ ਉਸ ਨਾਲ ਆਪਣੀ ਸਾਂਝ ਕਿਵੇਂ ਮਹਿਸੂਸ ਕਰੇਗਾ? ਸਾਹਿਤ ਨੂੰ ਸਮੇਂ ਦੇ ਨਾਲ ਤੁਰਨਾ ਪਵੇਗਾ। ਇਸ ਦਾ ਅਰਥ ਇਹ ਨਹੀਂ ਕਿ ਅਸੀਂ ਸਾਹਿਤ ਦੇ ਮੂਲ ਸਰੋਕਾਰਾਂ ਨੂੰ ਛੱਡ ਦੇਈਏ, ਸਗੋਂ ਇਹ ਹੈ ਕਿ ਨਵੇਂ ਸਮੇਂ ਦੀਆਂ ਸਮੱਸਿਆਵਾਂ ਅਤੇ ਸੰਵੇਦਨਾਵਾਂ ਨੂੰ ਵੀ ਸਾਹਿਤ ਵਿੱਚ ਢੁਕਵੀਂ ਥਾਂ ਮਿਲੇ।

ਸਾਡੀ ਸਿੱਖਿਆ ਪ੍ਰਣਾਲੀ ਵੀ ਇਸ ਸਥਿਤੀ ਲਈ ਕਾਫ਼ੀ ਹੱਦ ਤੱਕ ਜ਼ਿੰਮੇਵਾਰ ਹੈ। ਸਕੂਲਾਂ ਅਤੇ ਕਾਲਜਾਂ ਵਿੱਚ ਸਾਹਿਤ ਨੂੰ ਅਕਸਰ ਪ੍ਰੀਖਿਆ ਪਾਸ ਕਰਨ ਦਾ ਸਾਧਨ ਬਣਾ ਦਿੱਤਾ ਜਾਂਦਾ ਹੈ। ਵਿਦਿਆਰਥੀ ਕਵਿਤਾ ਦਾ ਭਾਵਾਰਥ ਅਤੇ ਕਹਾਣੀ ਦਾ ਸਾਰ ਤਾਂ ਯਾਦ ਕਰ ਲੈਂਦੇ ਹਨ, ਪਰ ਉਸ ਰਚਨਾ ਦੀ ਅੰਦਰੂਨੀ ਭਾਵਨਾ ਅਤੇ ਸਮਾਜਿਕ ਮਹੱਤਤਾ ਨੂੰ ਸਮਝਣ ਦਾ ਮੌਕਾ ਘੱਟ ਮਿਲਦਾ ਹੈ। ਪੁਸਤਕਾਲਿਆਂ ਦੀ ਘਟਦੀ ਵਰਤੋਂ, ਸਾਹਿਤਕ ਗਤੀਵਿਧੀਆਂ ਦੀ ਕਮੀ ਅਤੇ ਲੇਖਕਾਂ ਨਾਲ ਸਿੱਧੇ ਸੰਵਾਦ ਦੇ ਮੌਕਿਆਂ ਦੀ ਘਾਟ ਵੀ ਇਸ ਸਮੱਸਿਆ ਨੂੰ ਹੋਰ ਗੰਭੀਰ ਬਣਾਉਂਦੀ ਹੈ।

**ਪੜ੍ਹਨ ਦੀ ਘਟਦੀ ਆਦਤ ਅਤੇ ਸੰਵੇਦਨਹੀਣ ਹੁੰਦੇ ਸਮਾਜ ਦੀ ਇੱਕ ਚਿੰਤਾਜਨਕ ਤਸਵੀਰ**



ਯਾਦਵਿੰਦਰ ਸਿੰਘ ਕਲੌਲੀ

ਇੱਕ ਹੋਰ ਚਿੰਤਾਜਨਕ ਪੱਖ ਸਾਹਿਤਕ ਸਮਾਗਮਾਂ ਅਤੇ ਪੁਸਤਕ ਲੋਕ-ਅਰਪਣ ਸਮਾਰੋਹਾਂ ਦਾ ਬਦਲਦਾ ਸਰੂਪ ਹੈ। ਕਈ ਵਾਰ ਅਜਿਹੇ ਸਮਾਗਮਾਂ ਵਿੱਚ ਪੁਸਤਕ ਦੀ ਸਮੱਗਰੀ, ਵਿਚਾਰਧਾਰਾ ਅਤੇ ਸਾਹਿਤਕ ਮਹੱਤਤਾ ਨਾਲੋਂ ਫੋਟੋਆਂ, ਸਨਮਾਨਾਂ ਅਤੇ ਆਪਸੀ ਪ੍ਰਸ਼ੰਸਾ ਨੂੰ ਵਧੇਰੇ ਮਹੱਤਵ ਦਿੱਤਾ ਜਾਂਦਾ ਹੈ। ਪੁਸਤਕਾਂ ਦੀ ਸਮੀਖਿਆ ਵੀ ਕਈ ਵਾਰ ਨਿਰਪੱਖ ਆਲੋਚਨਾ ਦੀ ਥਾਂ ਰਸਮੀ ਪ੍ਰਸ਼ੰਸਾ ਤੱਕ ਸੀਮਤ ਰਹਿ ਜਾਂਦੀ ਹੈ। ਜਦੋਂ ਪਾਠਕ ਨੂੰ ਸਾਹਿਤਕ ਮਿਆਰ ਦੀ ਥਾਂ ਨਿੱਜੀ ਸਬੰਧਾਂ ਅਤੇ ਪ੍ਰਚਾਰ ਦਾ ਪ੍ਰਭਾਵ ਵਧੇਰੇ ਦਿਖਾਈ ਦਿੰਦਾ ਹੈ ਤਾਂ ਉਸ ਦਾ ਸਾਹਿਤਕ ਸੰਸਥਾਵਾਂ ਅਤੇ ਲੇਖਕਾਂ ਪ੍ਰਤੀ ਵਿਸ਼ਵਾਸ ਵੀ ਕਮਜ਼ੋਰ ਪੈ ਸਕਦਾ ਹੈ। ਸਾਹਿਤ ਦੀ ਸਾਰਥਕਤਾ ਉਸ ਦੇ ਪ੍ਰਚਾਰ ਵਿੱਚ ਨਹੀਂ, ਸਗੋਂ ਉਸ ਦੇ ਪ੍ਰਭਾਵ ਅਤੇ ਵਿਚਾਰਾਂ ਦੀ ਡੂੰਘਾਈ ਵਿੱਚ ਹੁੰਦੀ ਹੈ।

ਪੰਜਾਬੀ ਸਾਹਿਤ ਦੇ ਸੰਦਰਭ ਵਿੱਚ ਇਹ ਚਿੰਤਾ ਹੋਰ ਵੀ ਮਹੱਤਵਪੂਰਨ ਹੈ। ਪੰਜਾਬੀ ਭਾਸ਼ਾ ਕੋਲ ਲੋਕਧਾਰਾ, ਕਿੱਸਾ-ਕਾਵਿ, ਗੁਰਮਤਿ ਸਾਹਿਤ, ਗ਼ਜ਼ਲ, ਕਹਾਣੀ, ਨਾਵਲ ਅਤੇ ਕਵਿਤਾ ਦੀ ਅਮੀਰ ਵਿਰਾਸਤ ਹੈ। ਬਾਬਾ ਫ਼ਰੀਦ ਤੋਂ ਲੈ ਕੇ ਗੁਰੂ ਨਾਨਕ ਦੇਵ ਜੀ, ਵਾਰਿਸ ਸ਼ਾਹ, ਭਾਈ ਵੀਰ ਸਿੰਘ, ਪ੍ਰੋ. ਪੂਰਨ ਸਿੰਘ ਅਤੇ ਆਧੁਨਿਕ ਸਾਹਿਤਕਾਰਾਂ ਤੱਕ ਸਾਡੀ ਸਾਹਿਤਕ ਪਰੰਪਰਾ ਬੇਹੱਦ ਵਿਸ਼ਾਲ ਹੈ। ਪਰ ਅਫ਼ਸੋਸ ਦੀ ਗੱਲ ਹੈ ਕਿ ਨਵੀਂ ਪੀੜ੍ਹੀ ਦਾ ਇੱਕ ਹਿੱਸਾ ਆਪਣੀ ਇਸ ਵਿਰਾਸਤ ਤੋਂ ਅਣਜਾਣ ਹੁੰਦਾ ਜਾ ਰਿਹਾ ਹੈ। ਅੰਗਰੇਜ਼ੀ ਭਾਸ਼ਾ ਸਿੱਖਣਾ ਜਾਂ ਵਿਸ਼ਵ ਸਾਹਿਤ ਪੜ੍ਹਨਾ ਕੋਈ ਮਾੜੀ ਗੱਲ ਨਹੀਂ, ਪਰ ਆਪਣੀ ਮਾਂ-ਬੋਲੀ ਅਤੇ ਆਪਣੀਆਂ ਸਾਹਿਤਕ ਜੜ੍ਹਾਂ ਤੋਂ ਟੁੱਟ ਜਾਣਾ ਨਿਸ਼ਚਿਤ ਤੌਰ 'ਤੇ ਚਿੰਤਾ ਦਾ ਵਿਸ਼ਾ ਹੈ।

ਇਸ ਸਥਿਤੀ ਨੂੰ ਬਦਲਣ ਲਈ ਸਿਰਫ਼ ਚਿੰਤਾ ਪ੍ਰਗਟ ਕਰਨਾ ਕਾਫ਼ੀ ਨਹੀਂ। ਸਾਨੂੰ ਨੌਜਵਾਨ ਪੀੜ੍ਹੀ ਨੂੰ ਸਾਹਿਤ ਨਾਲ ਜੋੜਨ ਲਈ ਵਿਹਾਰਕ ਉਪਰਾਲੇ ਕਰਨੇ ਪੈਣਗੇ। ਸਕੂਲਾਂ ਅਤੇ ਕਾਲਜਾਂ ਵਿੱਚ ਪੁਸਤਕ ਪੜ੍ਹਨ ਦੀਆਂ ਗਤੀਵਿਧੀਆਂ, ਕਹਾਣੀ ਲੇਖਨ ਮੁਕਾਬਲੇ, ਕਵਿਤਾ ਪਾਠ, ਸਾਹਿਤਕ ਵਿਚਾਰ-ਚਰਚਾਵਾਂ ਅਤੇ ਲੇਖਕਾਂ ਨਾਲ ਰੂਬਰੂ ਪ੍ਰੋਗਰਾਮ ਕਰਵਾਏ ਜਾਣੇ ਚਾਹੀਦੇ ਹਨ। ਹਰ ਸਕੂਲ ਵਿੱਚ ਇੱਕ ਸਰਗਰਮ ਪੁਸਤਕਾਲਾ ਹੋਣਾ ਚਾਹੀਦਾ ਹੈ। ਵਿਦਿਆਰਥੀਆਂ ਨੂੰ ਪਾਠਕ੍ਰਮ ਤੋਂ ਬਾਹਰਲੀਆਂ ਚੰਗੀਆਂ ਪੁਸਤਕਾਂ ਪੜ੍ਹਨ ਲਈ ਉਤਸ਼ਾਹਿਤ ਕਰਨਾ ਚਾਹੀਦਾ ਹੈ। ਮਾਪਿਆਂ ਨੂੰ ਵੀ ਬੱਚਿਆਂ ਵਿੱਚ ਪੜ੍ਹਨ ਦੀ ਆਦਤ ਪੈਦਾ ਕਰਨ ਲਈ ਘਰ ਵਿੱਚ ਪੁਸਤਕਾਂ ਦਾ ਮਾਹੌਲ ਸਿਰਜਣਾ ਚਾਹੀਦਾ ਹੈ।

ਲੇਖਕਾਂ ਅਤੇ ਪ੍ਰਕਾਸ਼ਕਾਂ ਦੀ ਵੀ ਇਸ ਸਬੰਧੀ ਵੱਡੀ ਜ਼ਿੰਮੇਵਾਰੀ ਬਣਦੀ ਹੈ। ਉਨ੍ਹਾਂ ਨੂੰ ਨੌਜਵਾਨਾਂ ਦੀਆਂ ਰੁਚੀਆਂ ਅਤੇ ਸਮੱਸਿਆਵਾਂ ਨੂੰ ਸਮਝਦਿਆਂ ਅਜਿਹਾ ਸਾਹਿਤ ਸਿਰਜਣਾ ਚਾਹੀਦਾ ਹੈ ਜੋ ਵਿਚਾਰਾਂ ਪੱਖੋਂ ਗੰਭੀਰ ਹੋਣ ਦੇ ਨਾਲ-ਨਾਲ ਪੜ੍ਹਨਯੋਗ ਅਤੇ ਪ੍ਰਭਾਵਸ਼ਾਲੀ ਵੀ ਹੋਵੇ। ਡਿਜੀਟਲ ਮਾਧਿਅਮਾਂ ਨੂੰ ਸਾਹਿਤ ਦੇ ਵਿਰੋਧੀ ਵਜੋਂ ਦੇਖਣ ਦੀ ਥਾਂ ਉਨ੍ਹਾਂ ਨੂੰ ਸਾਹਿਤ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਵਰਤਿਆ ਜਾਣਾ ਚਾਹੀਦਾ ਹੈ। ਈ-ਪੁਸਤਕਾਂ, ਆਡੀਓ ਬੁੱਕਾਂ, ਸਾਹਿਤਕ ਪੌਡਕਾਸਟ ਅਤੇ ਆਨਲਾਈਨ ਪੁਸਤਕ ਚਰਚਾਵਾਂ ਰਾਹੀਂ ਨੌਜਵਾਨਾਂ ਤੱਕ ਪਹੁੰਚ ਬਣਾਈ ਜਾ ਸਕਦੀ ਹੈ।

ਅੰਤ ਵਿੱਚ ਇਹ ਸਮਝਣਾ ਜ਼ਰੂਰੀ ਹੈ ਕਿ ਸਾਹਿਤ ਕਿਸੇ ਇੱਕ ਉਮਰ ਵਰਗ ਦੀ ਜਾਇਦਾਦ ਨਹੀਂ ਹੁੰਦਾ। ਇਹ ਪੀੜ੍ਹੀਆਂ ਨੂੰ ਜੋੜਨ ਵਾਲਾ ਪੁਲ ਹੈ। ਜਿਹੜੀ ਪੀੜ੍ਹੀ ਸਾਹਿਤ ਨਾਲ ਜੁੜੀ ਰਹਿੰਦੀ ਹੈ, ਉਹ ਆਪਣੇ ਇਤਿਹਾਸ, ਸੱਭਿਆਚਾਰ ਅਤੇ ਸਮਾਜਿਕ ਜ਼ਿੰਮੇਵਾਰੀਆਂ ਪ੍ਰਤੀ ਵਧੇਰੇ ਸੁਚੇਤ ਹੁੰਦੀ ਹੈ। ਸਾਨੂੰ ਨੌਜਵਾਨਾਂ ਨੂੰ ਇਹ ਅਹਿਸਾਸ ਕਰਵਾਉਣਾ ਪਵੇਗਾ ਕਿ ਕਿਤਾਬ ਪੜ੍ਹਨਾ ਸਮੇਂ ਦੀ ਬਰਬਾਦੀ ਨਹੀਂ, ਸਗੋਂ ਆਪਣੇ ਆਪ ਨੂੰ ਸਮਝਣ ਅਤੇ ਨਿਖਾਰਨ ਦਾ ਇੱਕ ਅਨਮੋਲ ਸਾਧਨ ਹੈ।

ਅੱਜ ਲੋੜ ਨੌਜਵਾਨ ਪੀੜ੍ਹੀ ਨੂੰ ਦੋਸ਼ ਦੇਣ ਦੀ ਨਹੀਂ, ਸਗੋਂ ਉਸ ਦੇ ਹੱਥ ਵਿੱਚ ਅਜਿਹੀ ਪੁਸਤਕ ਦੇਣ ਦੀ ਹੈ ਜਿਸ ਦੇ ਪੰਨੇ ਉਸ ਦੇ ਮਨ ਵਿੱਚ ਸਵਾਲ ਪੈਦਾ ਕਰਨ, ਉਸ ਦੀ ਸੋਚ ਨੂੰ ਨਵੀਂ ਦਿਸ਼ਾ ਦੇਣ ਅਤੇ ਉਸ ਨੂੰ ਆਪਣੇ ਸਮਾਜ ਨਾਲ ਜੋੜਨ। ਕਿਉਂਕਿ ਜਿਸ ਸਮਾਜ ਵਿੱਚ ਕਿਤਾਬਾਂ ਦੀ ਥਾਂ ਸਿਰਫ਼ ਸਕਰੀਨਾਂ ਲੈ ਲੈਂਦੀਆਂ ਹਨ, ਉੱਥੇ ਜਾਣਕਾਰੀ ਤਾਂ ਵਧ ਸਕਦੀ ਹੈ, ਪਰ ਗਿਆਨ, ਸੰਵੇਦਨਾ ਅਤੇ ਚਿੰਤਨ ਦੀ ਡੂੰਘਾਈ ਕਾਇਮ ਰੱਖਣ ਲਈ ਨਿਰੰਤਰ ਯਤਨ ਕਰਨੇ ਪੈਂਦੇ ਹਨ।

ਸਾਹਿਤ ਤੋਂ ਦੂਰ ਹੁੰਦੀ ਪੀੜ੍ਹੀ ਨੂੰ ਮੁੜ ਕਿਤਾਬਾਂ ਦੇ ਨੇੜੇ ਲਿਆਉਣਾ ਸਿਰਫ਼ ਲੇਖਕਾਂ ਜਾਂ ਅਧਿਆਪਕਾਂ ਦੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ।

# ਐਸ.ਡੀ.ਐਮ. ਰਾਜੇਸ਼ ਖੋਥ ਨੇ ਸਮਾਧਾਨ ਸ਼ਿਵਿਰ ਵਿੱਚ ਸੁਣੀਆਂ ਨਾਗਰਿਕਾਂ ਦੀਆਂ ਸਮੱਸਿਆਵਾਂ

- **ਅਧਿਕਾਰੀਆਂ ਨੂੰ ਤੁਰੰਤ ਸਮਾਧਾਨ ਦੇ ਦਿੱਤੇ ਨਿਰਦੇਸ਼**
- **ਦਿਵਿਆਂਗ ਵਿਅਕਤੀ ਦੀ ਸ਼ਿਕਾਇਤ 'ਤੇ ਰੋਡਵੇਜ਼ ਵਿਭਾਗ ਨੂੰ ਦਿਵਿਆਂਗਾਂ ਪ੍ਰਤੀ ਸੰਵੇਦਨਸ਼ੀਲ ਵਿਵਹਾਰ ਕਰਨ ਦੇ ਨਿਰਦੇਸ਼**

ਪੈ.ਗਾਮ-ਏ-ਜਗਤ
ਹਾਂਸੀ (ਦਿਨਕਰ ਗਾਵੜੀ)

ਜ਼ਿਲ੍ਹਾ ਸਕੱਤਰੇਤ ਵਿੱਚ ਆਯੋਜਿਤ ਸਮਾਧਾਨ ਸ਼ਿਵਿਰ ਵਿੱਚ ਐਸਡੀਐਮ ਰਾਜੇਸ਼ ਖੋਥ ਨੇ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਨਾਗਰਿਕਾਂ ਦੀਆਂ ਸ਼ਿਕਾਇਤਾਂ ਸੁਣੀਆਂ ਅਤੇ ਮੌਕੇ 'ਤੇ ਮੌਜੂਦ ਸਬੰਧਤ ਅਧਿਕਾਰੀਆਂ ਨੂੰ ਸ਼ਿਕਾਇਤਾਂ ਦਾ ਤਰਜੀਹ ਦੇ ਆਧਾਰ 'ਤੇ ਸਮਾਧਾਨ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਸਮਾਧਾਨ ਸ਼ਿਵਿਰ ਵਿੱਚ ਮਮਤਾ ਜੈਨ ਵਾਸੀ ਹਿਸਾਰ ਨੇ ਇੰਤਕਾਲ ਦਰਜ ਕਰਵਾਉਣ, ਸੋਮਬੀਰ ਵਾਸੀ ਸਿੰਘਵਾ ਰਾਘੋ ਨੇ ਪਰਿਵਾਰ ਪਹਿਚਾਣ ਪੱਤਰ ਵਿੱਚ ਜਨਮ ਮਿਤੀ ਠੀਕ ਕਰਵਾਉਣ, ਸੰਦੀਪ ਵਾਸੀ ਭਕਲਾਣਾ ਨੇ ਪੀਪੀਪੀ ਵਿੱਚ ਦਰਜ ਆਮਦਨ ਘਟਾਉਣ, ਜੈਸੁਖਮੱਲ ਵਾਸੀ ਰਾਮਪੁਰਾ ਨੇ ਵਿਧਵਾ ਪੈਨਸ਼ਨ ਬਣਵਾਉਣ ਅਤੇ ਕਵਿਤਾ ਵਾਸੀ ਘਿਰਾਏ ਨੇ ਪੀਪੀਪੀ ਵਿੱਚ ਉਮਰ ਤਸਦੀਕ ਕਰਵਾਉਣ ਸਬੰਧੀ ਸ਼ਿਕਾਇਤ ਰੱਖੀ। ਇਸ ਤੋਂ ਇਲਾਵਾ ਅਸ਼ੋਕ ਕੁਮਾਰ ਵਾਸੀ



ਹਾਂਸੀ ਨੇ ਸ਼ਹਿਰ ਵਿੱਚ ਸੀਵਰ ਦੇ ਢੱਕਣਾਂ ਨੂੰ ਠੀਕ ਕਰਵਾਉਣ ਅਤੇ ਖਾਲੀ ਪਲਾਟਾਂ ਵਿੱਚ ਕੂੜੇ ਦੇ ਢੇਰ ਜਮ੍ਹਾ ਹੋਣ ਦੀ ਸਮੱਸਿਆ ਦੇ ਹੱ